SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 198** | **Tuesday, 29 October 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਵਿੰਡਰਮੇਇਰ ਕੋਂਡੋ ਵਿਚੋਂ 23 ਮਿਲੀਅਨ ਡਾਲਰ ਦੀ ਡਰਗ ਜ਼ਬਤ, ਇੱਕ ਵਿਅਕਤੀ ਖਿਲਾਫ ਵਾਰੰਟ ਜਾਰੀ

ਐਡਮਿੰਟਨ, 28 ਅਕਤੂਬਰ (ਪੋਸਟ ਬਿਊਰੋ): ਇਸ ਮਹੀਨੇ ਦੀ ਸ਼ੁਰੂਆਤ ਵਿੱਚ 2.3 ਮਿਲੀਅਨ ਡਾਲਰ ਦੀ ਡਰਗ ਜ਼ਬਤ ਦੇ ਸਿਲਸਿਲੇ ਵਿੱਚ ਐਡਮਿੰਟਨ ਦੇ ਇੱਕ ਵਿਅਕਤੀ ਖਿਲਾਫ ਵਾਰੰਟ ਜਾਰੀ ਕੀਤਾ ਗਿਆ ਹੈ।



ਅਲਬਰਟਾ ਲਾਅ ਇਨਫੋਰਸਮੈਂਟ ਰਿਸਪਾਂਸ ਟੀਮ ਨੇ 9 ਅਕਤੂਬਰ ਨੂੰ ਵਿੰਡਰਮੇਇਰ ਨੇਬਰਹੁੱਡ ਦੇ ਇੱਕ ਕੋਂਡੋ ਵਿੱਚ ਸਰਚ ਵਾਰੰਟ ਜਾਰੀ ਕੀਤਾ ਅਤੇ 17.7 ਕਿਲੋਗ੍ਰਾਮ ਕੋਕੀਨ, 5.3 ਕਿਲੋਗ੍ਰਾਮ MDMA, 950 ਗਰਾਮ ਮੇਥਾਮਫੇਟਾਮਾਇਨ, 3.1 ਕਿਲੋਗ੍ਰਾਮ ਕੇਟਾਮਾਈਨ, ਪੰਜ ਕਿਲੋਗ੍ਰਾਮ ਸਾਈਲੋਸਾਈਬਿਨ ਮਸ਼ਰੂਮ, 20,000 ਆਕਸੀਕੋਡੋਨ ਗੋਲੀਆਂ, 4,705 ਗ਼ੈਰਕਾਨੂੰਨੀ ਪ੍ਰਿਸਕਰਿਪਸ਼ਨ ਗੋਲੀਆਂ ਅਤੇ 41,000 ਡਾਲਰ ਨਕਦ ਬਰਾਮਦ ਕੀਤੇ।

ਇਹ ਵਾਰੰਟ ਜੂਨ ਵਿੱਚ ਹੋਈ ਇੱਕ ਜਾਂਚ ਤੋਂ ਕੱਢੇ ਹਨ, ਜਿਸ ਵਿੱਚ ਐਡਮਿੰਟਨ ਖੇਤਰ ਵਿੱਚ ਕਈ ਸਪਲਾਈ ਲਾਈਨਾਂ ਵਾਲੇ ਇੱਕ ਉੱਚ-ਪੱਧਰ ਡਰਗ ਤਸਕਰ ਨੂੰ ਸ਼ਾਮਿਲ ਕੀਤਾ ਗਿਆ ਹੈ।

36 ਸਾਲਾ ਮਿੰਹ ਗੁਏਨ ਖਿਲਾਫ ਤਸਕਰੀ ਦੇ ਉਦੇਸ਼ ਨਾਲ ਡਰਗਜ਼ ਰੱਖਣ, ਅਪਰਾਧ ਦੀ ਕਮਾਈ ਰੱਖਣ ਅਤੇ ਨਕਲੀ ਪੈਸੇ ਰੱਖਣ ਦੇ ਚਾਰਜਿਜ਼ ਵਿੱਚ ਵਾਰੰਟ ਜਾਰੀ ਕੀਤਾ ਗਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਗੁਏਨ ਐਡਮਿੰਟਨ ਅਤੇ ਉੱਤਰੀ ਅਲਬਰਟਾ ਦੇ ਹੋਰ ਭਾਈਚਾਰਿਆਂ ਵਿੱਚ ਹੋਰ ਡਰਗ ਡੀਲਰਾਂ ਨੂੰ ਸਪਲਾਈ ਕਰ ਰਿਹਾ ਸੀ।

## ਏਲੀਅਨ ਮਾਸਕ ਪਾ ਕੇ ਆਏ ਵਿਅਕਤੀ ਨੇ ਸਟੋਰ ਵਿਚੋਂ 6 ਹਜ਼ਾਰ ਡਾਲਰ ਦਾ ਸਾਮਾਨ ਕੀਤਾ ਚੋਰੀ

ਐਡਮਿੰਟਨ, 28 ਅਕਤੂਬਰ (ਪੋਸਟ ਬਿਊਰੋ): ਪੁਲਿਸ ਨੇ ਮਾਸਕ ਵਿੱਚ ਇੱਕ ਹਥਿਆਰਬੰਦ ਲੁਟੇਰੇ ਦੀ ਪਹਿਚਾਣ ਕਰਨ ਲਈ ਮਦਦ ਮੰਗੀ ਹੈ। 8 ਅਕਤੂਬਰ ਨੂੰ ਰਾਤ ਕਰੀਬ 11 ਵਜੇ ਇੱਕ ਵਿਅਕਤੀ 99 ਏਵੇਨਿਊ ਅਤੇ 156 ਸਟਰੀਟ 'ਤੇ ਇੱਕ convenience store ਵਿੱਚ ਦਾਖਲ ਹੋਇਆ ਅਤੇ ਇੱਕ ਹੈਂਡਗੰਨ ਲੈ ਕੇ ਕਲਰਕ ਕੋਲ ਪਹੁੰਚਿਆ।



ਉਸਨੇ ਕੈਸ਼ ਰਜਿਸਟਰ ਨੂੰ ਤੋੜ ਦਿੱਤਾ ਅਤੇ ਇੱਕ ਨੀਲੇ ਰੰਗ ਦੇ ਪਲਾ-ਸਟਿਕ ਬੈਗ ਵਿੱਚ ਕਰੀਬ 6 ਹਜ਼ਾਰ ਡਾਲਰ ਦਾ ਸਾਮਾਨ ਭਰ ਲਿਆ, ਜਿਸ ਵਿੱਚ ਪੈਸੇ, ਵੇਪਸ, ਸਿਗਰਟ ਅਤੇ ਘੜੀਆਂ ਸ਼ਾਮਿਲ ਸਨ ਅਤੇ ਫਿਰ ਪੈਦਲ ਹੀ ਭੱਜ ਗਿਆ। ਲੁੱਟ ਦੌਰਾਨ ਕੋਈ ਕਰਮਚਾਰੀ ਜਾਂ ਗਾਹਕ ਜਖ਼ਮੀ ਨਹੀਂ ਹੋਇਆ।

ਲੁਟੇਰੇ ਦਾ ਸਰੀਰ ਦੁਬਲਾ-ਪਤਲਾ ਦੱਸਿਆ ਗਿਆ ਹੈ। ਉਸਨੇ ਕਾਲੇ ਰੰਗ ਦੀ ਪਫੀ ਜੈਕੇਟ, ਸਫੇਦ ਅੰਦਰੂਨੀ ਸੀਮ ਵਾਲੀ ਜੀਨਜ਼, ਗਰੇਅ ਰੰਗ ਦੇ ਰਨਿੰਗ ਸ਼ੂਜ਼, ਹੱਥਾਂ 'ਚ ਕਾਲੇ ਰੰਗ ਦੇ ਦਸਤਾਨੇ ਅਤੇ ਹਰੇ ਰੰਗ ਦਾ ਏਲਿਅਨ ਮਾਸਕ ਪਾਇਆ ਹੋਇਆ ਹੈ।

## ਪ੍ਰਧਾਨ ਮੰਤਰੀ ਬਣਨ 'ਤੇ ਇੱਕ ਮਿਲੀਅਨ ਡਾਲਰ ਤੋਂ ਘੱਟ ਕੀਮਤ ਵਾਲੇ ਨਵੇਂ ਘਰਾਂ ਤੋਂ ਜੀਐੱਸਟੀ ਹਟਾਉਣਗੇ ਪੋਲਿਏਵਰ

### * 8 ਲੱਖ ਡਾਲਰ ਵਾਲੇ ਘਰ ਦੇ ਕਰਜ਼ੇ 'ਤੇ ਵੀ ਹੋਵੇਗੀ ਬੱਚਤ

ਓਟਾਵਾ, 28 ਅਕਤੂਬਰ (ਪੋਸਟ ਬਿਊਰੋ): ਕਾਮਨ ਸੈਂਸ ਕੰਜ਼ਰਵੇਟਿਵ ਲੀਡਰ ਪਿਅਰੇ ਪੋਲਿਏਵਰ ਨੇ ਸੋਮਵਾਰ ਨੂੰ ਐਲਾਨ ਕੀਤਾ ਹੈ ਕਿ ਪ੍ਰਧਾਨ ਮੰਤਰੀ ਬਣਨ 'ਤੇ ਉਹ 1 ਮਿਲੀਅਨ ਡਾਲਰ ਤੋਂ ਘੱਟ ਕੀਮਤ ਦੇ ਮਕਾਨਾਂ 'ਤੇ ਫੈਡਰਲ ਸੇਲਜ਼ ਟੈਕਸ ( ਜਾਂ ਜੀਐੱਸਟੀ) 'ਤੇ ਕੱਟ ਲਾਉਣਗੇ, ਜਿਸ ਨਾਲ ਕਿ ਹਰ ਸਾਲ 30 ਹਜ਼ਾਰ ਹੋਰ ਨਵੇਂ ਘਰ ਬਣਨਗੇ। ਉਹ ਸੂਬਾ ਸਰਕਾਰਾਂ ਨੂੰ ਵੀ ਨਵੇਂ ਘਰਾਂ ਤੋਂ ਵਿਕਰੀ ਕਰ ਹਟਾਉਣ ਲਈ ਜ਼ੋਰ ਪਾਉਣਗੇ, ਜਿਸ ਨਾਲ ਕਿ ਘਰ ਖ਼ਰੀਦਣ ਵਾਲਿਆਂ ਦੇ ਹਜ਼ਾਰਾਂ ਡਾਲਰਾਂ ਦੀ ਬੱਚਤ ਹੋਵੇਗੀ।




ਇਹ ਐਲਾਨ ਘਰ ਬਣਾਉਣ ਦੀ ਲਾਗਤ ਵਿਚ ਐੱਨਡੀਪੀ-ਲਿਬਰਲ ਸਰਕਾਰ ਵੇਲੇ ਪਿਛਲੇ 9 ਸਾਲਾਂ ਵਿਚ ਹੋਏ ਵਾਧੇ ਨੂੰ ਦੇਖਦਿਆਂ ਕੀਤਾ ਗਿਆ ਹੈ, ਜੋ ਕਿ ਕਿਸੇ ਵੀ ਜੀ7 ਦੇਸ਼ ਵਿਚ ਸਭ ਤੋਂ ਜ਼ਿਆਦਾ ਹੈ।

ਜਸਟਿਨ ਟਰੂਡੋ ਦੇ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਘਰ ਦੀ ਮਾਲਕੀ ਦੀ ਲਾਗਤ ਨੂੰ ਕਵਰ ਕਰਨ ਲਈ ਘਰੇਲੂ ਕਮਾਈ ਦਾ ਕੇਵਲ 39 ਫ਼ੀਸਦੀ ਹੀ ਲੱਗਦਾ ਸੀ, ਜੋ ਕਿ ਹੁਣ ਕਰੀਬ 60 ਫ਼ੀਸਦੀ ਹੋ ਗਿਆ ਹੈ। ਕੰਮਕਾਜੀ ਵਰਗ ਲਈ ਪਹਿਲਾਂ ਘਰ ਖਰੀਦਣਾ ਆਮ ਜਿਹੀ ਗੱਲ ਹੁੰਦੀ ਸੀ, ਹੁਣ 80 ਫ਼ੀਸਦੀ ਕੈਨੇਡੀਅਨ ਪੋਲ ਕਰਨ ਵਾਲਿਆਂ ਨੂੰ ਦੱਸਦੇ ਹਨ ਕਿ ਘਰ ਖ਼ਰੀਦਣਾ ਬਹੁਤ ਅਮੀਰ ਲੋਕਾਂ ਦੇ ਵੱਸ ਦਾ ਹੀ ਹੈ ਅਤੇ ਹੁਣ ਇਕੱਲੇ ਓਂਟਾਰੀਓ ਵਿਚ ਹੀ ਬੇਘਰਾਂ ਲਈ 1400 ਕੈਂਪ ਹਨ। ਓਂਟਾਰੀਓ ਅਤੇ ਬ੍ਰਿਟਿਸ਼ ਕੋਲੰਬਿਆ ਵਿੱਚ ਨਵੇਂ ਘਰ ਦੀ ਲਾਗਤ ਵਿਚ 30 ਫ਼ੀਸਦੀ ਤੋਂ ਵੱਧ ਸਰਕਾਰੀ ਖ਼ਰਚ ਹੈ।

ਓਂਟਾਰੀਓ ਵਿਚ ਨਵੇਂ ਘਰ 'ਤੇ ਕੁਲ ਟੈਕਸਾਂ ਦਾ ਕਰੀਬ 39 ਫ਼ੀਸਦੀ ਓਟਵਾ ਵਿਚ ਰਾਜਨੇਤਾਵਾਂ ਅਤੇ ਨੌਕਰਸ਼ਾਹਾਂ ਨੂੰ ਜਾਂਦਾ ਹੈ। ਅਜਿਹਾ ਹੀ ਇਕ ਕਰ ਜੀਐਸਟੀ ਹੈ, ਜਿਸ ਨਾਲ ਕਿ 1 ਮਿਲੀਅਨ ਡਾਲਰ ਦੇ ਘਰ ਦੀ ਲਾਗਤ 50 ਹਜ਼ਾਰ ਡਾਲਰ ਵਧ ਜਾਂਦੀ ਹੈ। ਕਾਮਨ ਸੈਂਸ ਕੰਜ਼ਰਵੇਟਿਵ ਇਨ੍ਹਾਂ ਨੌਕਰਸ਼ਾਹਾਂ ਦੇ ਪ੍ਰੋਗਰਾਮਾਂ ਵਿਚੋਂ ਟੈਕਸ ਦੇ ਰੂਪ ਵਿਚ 8 ਬਿਲੀਅਨ ਡਾਲਰ ਕੱਟ ਕਰਕੇ ਘਰ ਖ਼ਰੀਦਣ ਵਾਲਿਆਂ ਦੀ ਮੱਦਦ ਕਰੇਗੀ। ਜਿਸ ਨਾਲ ਕਿ ਹੋਰ ਨਵੇਂ ਘਰ ਬਣਨਗੇ ਅਤੇ ਨਿਰਮਾਣ ਕਾਮੇ ਤੇ ਕਾਰੋਬਾਰੀਆਂ ਦੀ ਅਮਦਨ ਵਧੇਗੀ। ਸਰਕਾਰ ਦੀ ਆਮਦਨ ਵੀ 2.1 ਬਿਲੀਅਨ ਡਾਲਰ ਤੱਕ ਵਧੇਗੀ। ਸਿਰਫ ਕਾਮਨ ਸੈਂਸ ਕੰਜ਼ਰਵੇਟਿਵਜ਼ ਕੈਨੇਡਾ ਦੇ ਵਾਅਦੇ ਨੂੰ ਪੂਰਾ ਕਰਨਗੇ।

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



## ਅੱਜ ਨਾਮਾ

ਦੀਵਾਲੀ ਆਉਂਦੀ ਨੂੰ ਦਿਵਸ ਆ ਦੋ ਬਾਕੀ,
ਗਿਆ ਹੈ ਪੱਧਰ ਪਰਦੂਸ਼ਣ ਦਾ ਚੜ੍ਹ ਬੇਲੀ।
ਹਾਲਤ ਮਾੜੀ ਪੰਜਾਬ ਵਿੱਚ ਬਹੁਤ ਦਿੱਸਦੀ,
ਵਧ ਰਹੀ ਗਰਮੀ ਤਾਂ ਸੰਘ ਲਏ ਫੜ ਬੇਲੀ।
ਚੁਭ ਰਿਹਾ ਅੱਖ ਨੂੰ ਧੂਆਂ ਪੰਜਾਬ ਦੇ ਵਿੱਚ,
ਏਦੂੰ ਬਹੁਤਾ ਹਰਿਆਣਾ ਗਿਆ ਅੜ ਬੇਲੀ।
ਘਰਾਂ ਤੋਂ ਨਿਕਲਣ ਵੀ ਕਈ ਥਾਂ ਬੜਾ ਔਖਾ,
ਸਾਰਾ ਈ ਰਾਜ ਗਿਆ ਹੈ ਅੰਦਰਵੜ ਬੇਲੀ।
ਬਦਨਾਮੀ ਕਰਦੇ ਆ ਬਹੁਤ ਪੰਜਾਬੀਆਂ ਦੀ,
ਹਕੀਕੀ ਤਸਵੀਰ ਤਾਂ ਕਦੇ ਚਿਤਾਰਦੇ ਨਹੀਂ।
ਦੂਸਰੇ ਰਾਜਾਂ ਵਿੱਚ ਕਿੰਨਾ ਕੁਝ ਹੋਈ ਜਾਂਦਾ,
ਆਪਣੀ ਪੀੜ੍ਹੀ ਦੇ ਹੇਠ ਨਜ਼ਰ ਮਾਰਦੇ ਨਹੀਂ।

**ਤੀਸ ਮਾਰ ਖਾਂ**

# ਟੋਰਾਂਟੋ ਗੋਲੀਬਾਰੀ ਦੌਰਾਨ ਸ਼ੱਕੀ ਵਾਹਨ ਸਕੂਲ ਵਿੱਚ ਵੜਿਆ, ਲੱਗੀ ਅੱਗ, ਇੱਕ ਵਿਅਕਤੀ ਜ਼ਖਮੀ



ਟੋਰਾਂਟੋ, 28 ਅਕਤੂਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਐਤਵਾਰ ਰਾਤ ਸ਼ਹਿਰ ਵਿੱਚ ਹੋਈ ਗੋਲੀਬਾਰੀ ਵਿੱਚ ਸ਼ਾਮਿਲ ਇੱਕ ਸ਼ੱਕੀ ਵਾਹਨ ਈਟੋਬਿਕੋਕ ਸਕੂਲ ਵਿੱਚ ਵੜ ਗਿਆ ਅਤੇ ਉਸ ਵਿੱਚ ਅੱਗ ਲੱਗ ਗਈ। ਇਸ ਦੌਰਾਨ ਇੱਕ ਵਿਅਕਤੀ ਗੰਭੀਰ ਜਖ਼ਮੀ ਹੋ ਗਿਆ ਸੀ।

ਗੋਲੀਬਾਰੀ ਦੀ ਸੂਚਨਾ ਮਿਲਣ ’ਤੇ ਰਾਤ 9:30 ਵਜੇ ਦੇ ਕਰੀਬ ਸ਼ੇਰਬੋਰਨ ਅਤੇ ਡੰਡਾਸ ਸਟਰੀਟ ਦੇ ਇਲਾਕੇ ਵਿੱਚ ਅਧਿਕਾਰੀਆਂ ਨੂੰ ਬੁਲਾਇਆ ਗਿਆ। ਜਦੋਂ ਉਹ ਘਟਨਾ ਸਥਾਨ ’ਤੇ ਪਹੁੰਚੇ, ਤਾਂ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਇੱਕ ਜ਼ਖਮੀ ਵਿਅਕਤੀ ਮਿਲਿਆ, ਪਰ ਉਸਦੀ ਜਾਨ ਨੂੰ ਕੋਈ ਖ਼ਤਰਾ ਨਹੀਂ ਸੀ।

ਪੁਲਿਸ ਨੇ ਇੱਕ ਪੁਰਸ਼ ਅਤੇ ਇੱਕ ਔਰਤ ਦੇ ਰੂਪ ਵਿੱਚ ਪਹਿਚਾਣੇ ਗਏ ਦੋ ਸ਼ੱਕੀਆਂ ਨੂੰ ਇੱਕ ਵਾਹਨ ਵਿੱਚ ਘਟਨਾ ਸਥਾਨ ਤੋਂ ਭੱਜਦੇ ਹੋਏ ਵੇਖਿਆ। ਬਾਅਦ ਵਿੱਚ ਵਾਹਨ ਨੂੰ ਸ਼ੂਟਿੰਗ ਥਾਂ ਤੋਂ 25 ਕਿਲੋਮੀਟਰ ਤੋਂ ਜ਼ਿਆਦਾ ਦੂਰ, ਈਟੋਬਿਕੋਕ ਵਿੱਚ ਪਾਇਆ ਗਿਆ ਅਤੇ ਇਹ ਵਾਹਨ ਦੁਰਘਟਨਾ ਵਿੱਚ ਸ਼ਾਮਿਲ ਸੀ। ਇੱਕ ਸ਼ੱਕੀ ਘਟਨਾ ਸਥਾਨ ਤੋਂ ਪੈਦਲ ਭੱਜ ਗਿਆ ਅਤੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਸਾਵਧਾਨੀ ਦੇ ਤੌਰ ਉੱਤੇ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਸੋਮਵਾਰ ਦੀ ਸਵੇਰੇ ਪੁਲਿਸ ਨੇ ਪੁਸ਼ਟੀ ਕੀਤੀ ਕਿ ਵਾਹਨ ਵੇਸਟਵੇਅ ਅਤੇ ਕਿਪਲਿੰਗ ਏਵੇਨਿਊ ਕੋਲ ਡਿਕਸਨ ਗਰੋਵ ਮਿਡਲ ਸਕੂਲ ਵਿੱਚ ਦੁਰਘਟਨਾਗ੍ਰਸਤ ਹੋ ਗਿਆ ਅਤੇ ਉਸ ਵਿੱਚ ਅੱਗ ਲੱਗ ਗਈ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਉਸ ਸਮੇਂ ਇਮਾਰਤ ਅੰਦਰ ਕੋਈ ਸੀ ਜਾਂ ਨਹੀਂ।

ਹਾਲਾਂਕਿ ਇਹ ਸਪਸ਼ਟ ਨਹੀਂ ਹੈ ਕਿ ਦੁਰਘਟਨਾ ਤੋਂ ਪਹਿਲਾਂ ਪੁਲਿਸ ਸ਼ੱਕੀ ਵਾਹਨ ਦਾ ਪਿੱਛਾ ਕਰ ਰਹੀ ਸੀ ਜਾਂ ਨਹੀਂ। ਗ੍ਰਿਫ਼ਤਾਰੀ ਦੇ ਸਮੇਂ ਇੱਕ ਬੰਦੂਕ ਬਰਾਮਦ ਕੀਤੀ ਗਈ, ਪੁਲਿਸ ਨੇ ਕਿਹਾ ਕਿ ਕੋਈ ਹੋਰ ਸ਼ੱਕੀ ਹਾਲੇ ਤੱਕ ਫੜ੍ਹਿਆ ਨਹੀਂ ਗਿਆ ਹੈ।

# ਜ਼ੇਲੇਂਸਕੀ ਨੇ ਫਿਰ ਕਿਹਾ- ਮੋਦੀ ਰੁਕਵਾ ਸਕਦੇ ਹਨ ਯੁਕਰੇਨ-ਰੂਸ ਜੰਗ



ਨਵੀਂ ਦਿੱਲੀ, 28 ਅਕਤੂਬਰ (ਪੋਸਟ ਬਿਊਰੋ): ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਰੂਸ-ਯੂਕਰੇਨ ਜੰਗ ਨੂੰ ਖਤਮ ਕਰਨ ਲਈ ਵੱਡੀ ਭੂਮਿਕਾ ਨਿਭਾਅ ਸਕਦੇ ਹਨ। ਟਾਈਮਜ਼ ਆਫ ਇੰਡੀਆ ਨੂੰ ਦਿੱਤੇ ਇੰਟਰਵਿਊ ਵਿੱਚ ਯੂਕਰੇਨ ਦੇ ਰਾਸ਼ਟਰਪਤੀ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਦੂਜਾ ਯੂਕਰੇਨ ਸ਼ਾਂਤੀ ਸੰਮੇਲਨ ਨਵੀਂ ਦਿੱਲੀ ਵਿੱਚ ਹੋਵੇ। ਮੋਦੀ ਚਾਹੁਣ ਤਾਂ ਅਜਿਹਾ ਕਰ ਸਕਦੇ ਹਨ।

ਜ਼ੇਲੇਂਸਕੀ ਨੇ ਕਿਹਾ ਕਿ ਮੋਦੀ ਆਬਾਦੀ ਅਤੇ ਆਰਥਿਕਤਾ ਦੇ ਲਿਹਾਜ਼ ਨਾਲ ਬਹੁਤ ਵੱਡੇ ਦੇਸ਼ ਦੇ ਪ੍ਰਧਾਨ ਮੰਤਰੀ ਹਨ। ਭਾਰਤ ਅਤੇ ਮੋਦੀ ਕਿਸੇ ਵੀ ਟਕਰਾਅ ਨੂੰ ਰੋਕਣ ਵਿੱਚ ਵੱਡਾ ਪ੍ਰਭਾਵ ਪਾ ਸਕਦੇ ਹਨ। ਪ੍ਰਧਾਨ ਮੰਤਰੀ ਮੋਦੀ ਵੱਲੋਂ ਯੂਕਰੇਨ ਅਤੇ ਰੂਸ ਵਿਚਾਲੇ ਗੱਲਬਾਤ ਦੀ ਸੰਭਾਵਨਾ 'ਤੇ ਉਨ੍ਹਾਂ ਕਿਹਾ ਕਿ ਬੇਸ਼ੱਕ ਉਹ ਅਜਿਹਾ ਕਰ ਸਕਦੇ ਹਨ।

ਯੂਕਰੇਨ ਦੇ ਰਾਸ਼ਟਰਪਤੀ ਨੇ ਕਿਹਾ ਕਿ ਬ੍ਰਿਕਸ ਸੰਮੇਲਨ ਅਸਫਲ ਰਿਹਾ। ਇਸ ਵਿੱਚ ਏਕਤਾ ਦੀ ਘਾਟ ਸੀ। ਬ੍ਰਾਜ਼ੀਲ ਦੇ ਨੇਤਾ ਸੰਮੇਲਨ ਵਿਚ ਸ਼ਾਮਿਲ ਨਹੀਂ ਹੋਏ। ਬ੍ਰਿਕਸ ਸੰਮੇਲਨ 'ਚ ਕਈ ਦੇਸ਼ਾਂ ਦੇ ਨੇਤਾ ਮੌਜੂਦ ਸਨ ਪਰ ਉਨ੍ਹਾਂ 'ਚੋਂ ਜ਼ਿਆਦਾਤਰ ਉਹ ਸਨ, ਜਿਨ੍ਹਾਂ 'ਤੇ ਪੁਤਿਨ ਨੂੰ ਭਰੋਸਾ ਨਹੀਂ ਹੈ।

ਸਾਊਦੀ ਅਰਬ ਨੂੰ ਸੰਗਠਨ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਗਿਆ ਸੀ, ਪਰ ਸ਼ਾਮਿਲ ਨਹੀਂ ਹੋਇਆ। ਪੁਤਿਨ ਇਸ ਸੰਮੇਲਨ ਰਾਹੀਂ ਦੁਨੀਆਂ ਦੇ ਵੱਡੇ ਹਿੱਸੇ ਨੂੰ ਆਪਣੇ ਪਾਸੇ ਲਿਆਉਣਾ ਚਾਹੁੰਦੇ ਸਨ ਪਰ ਉਹ ਅਜਿਹਾ ਨਹੀਂ ਕਰ ਸਕੇ।

# ਪੱਪੂ ਯਾਦਵ ਨੂੰ ਜਾਨੋਂ ਮਾਰਨ ਦੀ ਮਿਲੀ ਧਮਕੀ, ਕਿਹਾ- ਸਲਮਾਨ ਮਾਮਲੇ ਤੋਂ ਦੂਰ ਰਹੋ



ਪਟਨਾ, 28 ਅਕਤੂਬਰ (ਪੋਸਟ ਬਿਊਰੋ): ਬਿਹਾਰ ਦੇ ਪੂਰਨੀਆ ਤੋਂ ਸੰਸਦ ਮੈਂਬਰ ਪੱਪੂ ਯਾਦਵ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਫੋਨ ਕਰਨ ਵਾਲੇ ਨੇ ਆਪਣੇ ਆਪ ਨੂੰ ਲਾਰੈਂਸ ਵਿਸ਼ਨੋਈ ਗੈਂਗ ਦਾ ਮੈਂਬਰ ਦੱਸਿਆ ਹੈ। ਧਮਕੀ ਦੇਣ ਵਾਲੇ ਵਿਅਕਤੀ ਨੇ ਪੱਪੂ ਯਾਦਵ ਨੂੰ ਸਲਮਾਨ ਖਾਨ ਮਾਮਲੇ ਤੋਂ ਦੂਰ ਰਹਿਣ ਦੀ ਹਦਾਇਤ ਵੀ ਕੀਤੀ ਹੈ। ਉਸ ਨੇ ਕਾਲ 'ਤੇ ਕਿਹਾ ਕਿ ਸਲਮਾਨ ਦੇ ਮਾਮਲੇ ਤੋਂ ਦੂਰ ਰਹੋ, ਅਸੀਂ ਕਰਮ ਅਤੇ ਕਾਂਡ ਦੋਵੇਂ ਕਰਦੇ ਹਾਂ।

ਧਮਕੀ ਦੇਣ ਵਾਲੇ ਵਿਅਕਤੀ ਦਾ ਦਾਅਵਾ ਹੈ ਕਿ 'ਲਾਰੈਂਸ ਬਿਸ਼ਨੋਈ 1 ਲੱਖ ਰੁਪਏ ਪ੍ਰਤੀ ਘੰਟਾ ਦੇ ਕੇ ਜੇਲ੍ਹ 'ਚ ਜੈਮਰ ਬੰਦ ਕਰਵਾ ਕੇ ਪੱਪੂ ਯਾਦਵ ਨਾਲ ਗੱਲ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਪਰ ਪੱਪੂ ਯਾਦਵ ਫ਼ੋਨ ਨਹੀਂ ਚੁੱਕ ਰਿਹਾ।

ਦਰਅਸਲ 12 ਅਕਤੂਬਰ ਨੂੰ ਮੁੰਬਈ 'ਚ ਸਾਬਕਾ ਵਿਧਾਇਕ ਬਾਬਾ ਸਿੱਦੀਕੀ ਦੀ ਹੱਤਿਆ ਕਰ ਦਿੱਤੀ ਗਈ ਸੀ, ਜਿਸ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ ਗੈਂਗ ਨੇ ਲਈ ਸੀ। ਇਸ ਤੋਂ ਬਾਅਦ ਪੂਰਨੀਆ ਦੇ ਸੰਸਦ ਮੈਂਬਰ ਨੇ ਸੋਸ਼ਲ ਮੀਡੀਆ 'ਤੇ ਕਿਹਾ ਸੀ ਕਿ ਲਾਰੈਂਸ ਗੈਂਗ ਨੂੰ 24 ਘੰਟਿਆਂ ਦੇ ਅੰਦਰ ਖਤਮ ਕਰ ਦਿੱਤਾ ਜਾਵੇਗਾ।

ਪਿਛਲੇ ਵੀਰਵਾਰ ਨੂੰ ਪੱਪੂ ਯਾਦਵ ਨੇ ਬਾਬਾ ਸਿੱਦੀਕੀ ਦੇ ਬੇਟੇ ਜੀਸ਼ਾਨ ਸਿੱਦੀਕੀ ਨਾਲ ਮੁੰਬਈ ਵਿੱਚ ਮੁਲਾਕਾਤ ਕੀਤੀ। ਉਹ ਆਪਣੇ ਰੁਝੇਵਿਆਂ ਕਾਰਨ ਅਦਾਕਾਰ ਸਲਮਾਨ ਖਾਨ ਨੂੰ ਨਹੀਂ ਮਿਲ ਸਕੇ ਸਨ। ਪਰ ਸਾਂਸਦ ਨੇ ਆਪਣੀ ਪੋਸਟ ਰਾਹੀਂ ਕਿਹਾ ਸੀ ਕਿ ਉਹ ਹਰ ਹਾਲਤ 'ਚ ਸਲਮਾਨ ਖਾਨ ਦੇ ਨਾਲ ਹਨ।

ਇਸ ਮਾਮਲੇ 'ਚ ਪੂਰਨੀਆ ਦੇ ਐੱਸਪੀ ਕਾਰਤੀਕੇਯ ਸ਼ਰਮਾ ਨੇ ਕਿਹਾ ਕਿ ਐੱਮਪੀ ਨੂੰ ਧਮਕੀ ਦੀ ਸੂਚਨਾ ਮਿਲੀ ਹੈ। ਅਸੀਂ ਜਾਂਚ ਕਰ ਰਹੇ ਹਾਂ। ਉਹ ਪਹਿਲਾਂ ਹੀ ਵਾਈ ਸੁਰੱਖਿਆ ਦੇ ਘੇਰੇ ਵਿੱਚ ਹੈ। ਫਿਲਹਾਲ ਪੁਲਿਸ ਨੇ ਸੁਰੱਖਿਆ ਵਧਾ ਦਿੱਤੀ ਹੈ।

ਇਸ ਤੋਂ ਪਹਿਲਾਂ 21 ਅਕਤੂਬਰ ਨੂੰ ਪੱਪੂ ਯਾਦਵ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਆਪਣੀ ਸੁਰੱਖਿਆ ਵਧਾਉਣ ਦੀ ਮੰਗ ਕੀਤੀ ਸੀ। ਪੱਤਰ ਰਾਹੀਂ ਉਨ੍ਹਾਂ ਨੇ ਵਾਈ ਸ਼੍ਰੇਣੀ ਦੀ ਸੁਰੱਖਿਆ ਅਤੇ ਜ਼ੈੱਡ ਸੁਰੱਖਿਆ ਹਟਾਉਣ ਦੀ ਮੰਗ ਕੀਤੀ ਸੀ। ਪੱਪੂ ਯਾਦਵ ਨੇ ਚਿੱਠੀ 'ਚ ਲਾਰੈਂਸ ਬਿਸ਼ਨੋਈ ਗੈਂਗ ਦਾ ਜ਼ਿਕਰ ਕੀਤਾ ਸੀ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

# ਡੀਐੱਮਕੇ ਸੁਆਰਥੀ ਪਰਿਵਾਰਾਂ ਦੀ ਪਾਰਟੀ : ਤਾਮਿਲ ਸਟਾਰ ਵਿਜੈ, ਪਹਿਲੀ ਰੈਲੀ ਨੂੰ ਕੀਤਾ ਸੰਬੋਧਨ



ਚੇਨੱਈ, 28 ਅਕਤੂਬਰ (ਪੋਸਟ ਬਿਊਰੋ): ਤਮਿਲ ਅਭਿਨੇਤਾ ਅਤੇ ਤਮਿਲਗਾ ਵੇਤਰੀ ਕਜ਼ਗਮ (ਟੀਵੀਕੇ) ਪਾਰਟੀ ਦੇ ਮੁਖੀ ਥਲਾਪਤੀ ਵਿਜੈ ਨੇ ਐਤਵਾਰ ਨੂੰ ਪਾਰਟੀ ਦੇ ਪਹਿਲੇ ਸੰਮੇਲਨ ਨੂੰ ਸੰਬੋਧਨ ਕੀਤਾ। ਉਨ੍ਹਾਂ ਵਿਲੂਪੁਰਮ ਵਿੱਚ ਕਿਹਾ ਕਿ ਤਾਮਿਲਨਾਡੂ ਵਿੱਚ ਬਦਲਾਅ ਦੀ ਲੋੜ ਹੈ। ਭਾਜਪਾ ਟੀਵੀਕੇ ਦੀ ਵਿਚਾਰਧਾਰਕ ਵਿਰੋਧੀ ਹੈ, ਜਦੋਂਕਿ ਡੀਐੱਮਕੇ ਉਸਦੀ ਸਿਆਸੀ ਵਿਰੋਧੀ ਹੈ।

ਉਨ੍ਹਾਂ ਡੀਐੱਮਕੇ ਦਾ ਨਾਂ ਲਏ ਬਿਨ੍ਹਾਂ ਇਸ ਨੂੰ ਸੁਆਰਥੀ ਪਰਿਵਾਰਕ ਪਾਰਟੀ ਦੱਸਿਆ। ਉਨ੍ਹਾਂ ਕਿਹਾ ਕਿ ਇੱਕ ਪਰਿਵਾਰ ਜ਼ਮੀਨਦੋਜ਼ ਸੌਦਾ ਕਰਕੇ ਲੋਕਾਂ ਨੂੰ ਲੁੱਟ ਰਿਹਾ ਹੈ। ਇਹ ਧੜਾ ਸਿਆਸਤ ਵਿੱਚ ਆਉਣ ਵਾਲੇ ਹਰ ਨਵੇਂ ਵਿਅਕਤੀ ’ਤੇ ਭਗਵਾ ਫੈਲਾਉਣ ਦੀ ਕੋਸ਼ਿਸ਼ ਕਰਦਾ ਹੈ। ਤਾਮਿਲਨਾਡੂ ਦੇ ਲੋਕ ਸਦਭਾਵਨਾ ਅਤੇ ਏਕਤਾ ਵਿੱਚ ਰਹਿੰਦੇ ਹਨ, ਪਰ ਇਹ ਸਮੂਹ ਇਹਨਾਂ ਲੋਕਾਂ ਵਿੱਚ ਬਹੁਗਿਣਤੀ ਅਤੇ ਘੱਟ ਗਿਣਤੀ ਦਾ ਡਰ ਪੈਦਾ ਕਰਦਾ ਹੈ।

ਵਿਜੈ ਨੇ ਕਿਹਾ ਕਿ ਇਹ ਗਰੁੱਪ ਫਾਸੀਵਾਦ ਦੀ ਗੱਲ ਕਰਦਾ ਹੈ। ਜੇਕਰ ਤੁਸੀਂ ਭਾਜਪਾ 'ਤੇ ਫਾਸੀਵਾਦ ਦਾ ਦੋਸ਼ ਲਗਾਉਂਦੇ ਹੋ, ਤਾਂ ਕੀ ਤੁਸੀਂ ਪਿਆਰੇ ਹੋ? ਲੋਕ ਵਿਰੋਧੀ ਸਰਕਾਰ ਨੂੰ ਦ੍ਰਾਵਿੜ ਸਰਕਾਰ ਦਾ ਨਮੂਨਾ ਦੱਸਿਆ ਜਾ ਰਿਹਾ ਹੈ। ਜੋ ਕੋਈ ਵੀ ਇਨ੍ਹਾਂ ਦਾ ਵਿਰੋਧ ਕਰਦਾ ਹੈ, ਉਨ੍ਹਾਂ ’ਤੇ ਕੋਈ ਰੰਗ ਨਹੀਂ ਲੱਗਣਾ ਚਾਹੀਦਾ।

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
**Harcharan S. Grover**
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮਿਡ-ਡੇ-ਮੀਲ ਵਰਕਰਾਂ ਲਈ ਮੁਫ਼ਤ ਬੀਮੇ ਦਾ ਐਲਾਨ

## ਕਿਹਾ, ਕੈਬਨਿਟ ਸਬ-ਕਮੇਟੀ ਨੇ ਵੀ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਤਨਖ਼ਾਹ ਵਧਾਉਣ ਦੀ ਕੀਤੀ ਸਿਫ਼ਾਰਸ਼



ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ ਅਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਮਿਡ ਡੇ ਮੀਲ ਸੋਸਾਇਟੀ ਨੇ ਕੇਨਰਾ ਬੈਂਕ ਨਾਲ ਸਮਝੌਤਾ ਕੀਤਾ ਹੈ, ਜਿਸ ਤਹਿਤ ਮਿਡ-ਡੇ-ਮੀਲ ਕੁੱਕ ਅਤੇ ਹੈਲਪਰਾਂ ਦਾ ਮੁਫਤ ਬੀਮਾ ਕੀਤਾ ਜਾਵੇਗਾ। ਵਿੱਤ ਮੰਤਰੀ ਚੀਮਾ ਨੇ ਖੁਲਾਸਾ ਕੀਤਾ ਕਿ ਕੈਬਨਿਟ ਸਬ-ਕਮੇਟੀ ਨੇ ਮਿਡ-ਡੇ-ਮੀਲ ਕੁੱਕਾਂ ਦੀ ਤਨਖਾਹ 600 ਰੁਪਏ ਤੋਂ ਵਧਾ ਕੇ 2000 ਰੁਪਏ ਕਰਨ ਦੀ ਸਿਫਾਰਿਸ਼ ਕਰਦਿਆਂ ਕੇਂਦਰ ਸਰਕਾਰ ਨੂੰ ਇੱਕ ਅਰਧ-ਸਰਕਾਰੀ ਪੱਤਰ ਵੀ ਲਿਖਿਆ ਹੈ।

ਮਿਡ-ਡੇ-ਮੀਲ ਕੁੱਕਜ਼ ਯੂਨੀਅਨ ਪੰਜਾਬ (ਬੀ.ਐੱਮ.ਐੱਸ.) ਨਾਲ ਇਥੇ ਉਨ੍ਹਾਂ ਦੇ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿੱਤਾ ਕਿ ਕੇਨਰਾ ਬੈਂਕ ਵਿੱਚ ਜ਼ੀਰੋ ਬੈਲੇਂਸ ਖਾਤਾ ਖੋਲ੍ਹਣ ਵਾਲੇ ਸਾਰੇ ਮਿਡ-ਡੇ-ਮੀਲ ਕੁੱਕ ਅਤੇ ਹੈਲਪਰਾਂ ਨੂੰ ਇਸ ਬੀਮਾ ਯੋਜਨਾ ਅਧੀਨ ਲਿਆਂਦਾ ਜਾਵੇਗਾ। ਇਸ ਯੋਜਨਾ ਵਿੱਚ ਦੁਰਘਟਨਾ ਵਿੱਚ ਮੌਤ ਦੇ ਮਾਮਲੇ ਵਿੱਚ 16 ਲੱਖ ਰੁਪਏ, ਕੁਦਰਤੀ ਮੌਤ ਦੇ ਮਾਮਲੇ ਵਿੱਚ 1 ਲੱਖ ਰੁਪਏ ਅਤੇ ਇੱਕ ਦੁਰਘਟਨਾ ਵਿੱਚ ਜੀਵਨ ਸਾਥੀ ਦੀ ਮੌਤ ਦੇ ਮਾਮਲੇ ਵਿੱਚ 2 ਲੱਖ ਰੁਪਏ ਦੀ ਬੀਮਾ ਕਵਰੇਜ ਸ਼ਾਮਲ ਹੈ।

ਯੂਨੀਅਨ ਆਗੂਆਂ ਵੱਲੋਂ ਤਨਖ਼ਾਹ ਬਾਰੇ ਉਠਾਏ ਗਏ ਮੁੱਦੇ ਬਾਰੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਉਨ੍ਹਾਂ ਨੂੰ ਦੱਸਿਆ ਕਿ ਕੈਬਨਿਟ ਸਬ-ਕਮੇਟੀ ਵੱਲੋਂ ਕੇਂਦਰ ਸਰਕਾਰ ਨੂੰ ਲਿਖੇ ਗਏ ਸਿਫਾਰਿਸ਼ ਪੱਤਰ ਤੋਂ ਇਲਾਵਾ ਸਿੱਖਿਆ ਮੰਤਰੀ ਅਤੇ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਬੰਧਤ ਕੇਂਦਰੀ ਮੰਤਰਾਲੇ ਨਾਲ ਇਸ ਮਾਮਲੇ ਦੀ ਪੈਰਵੀ ਕੀਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕੇਂਦਰ ਸਰਕਾਰ ਨੂੰ ਲਿਖੇ ਪੱਤਰ ਵਿੱਚ ਹਰੇਕ 50 ਵਿਦਿਆਰਥੀਆਂ ਲਈ ਇੱਕ ਕੁੱਕ ਦੀ ਵਿਵਸਥਾ ਕਰਨ ਦੀ ਵੀ ਸਿਫ਼ਾਰਸ਼ ਕੀਤੀ ਗਈ ਹੈ, ਜਦਕਿ ਮੌਜੂਦਾ ਵਿਵਸਥਾ ਅਨੁਸਾਰ 1 ਤੋਂ 25 ਵਿਦਿਆਰਥੀਆਂ ਲਈ ਇੱਕ ਮਿਡ-ਡੇ-ਮੀਲ ਕੁੱਕ, 25 ਤੋਂ 100 ਵਿਦਿਆਰਥੀਆਂ ਲਈ ਦੋ ਮਿਡ-ਡੇ-ਮੀਲ ਕੁੱਕ ਅਤੇ 100 ਤੋਂ ਉੱਪਰ ਹਰੇਕ 100 ਵਿਦਿਆਰਥੀਆਂ ਪਿੱਛੇ ਇੱਕ ਕੁੱਕ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੁੱਕ ਦੀ ਗਿਣਤੀ ਵਧਣ ਨਾਲ ਮਿਡ-ਡੇ-ਮੀਲ ਤਿਆਰ ਕਰਨ ਵਿੱਚ ਦਰਪੇਸ਼ ਚੁਣੌਤੀਆਂ ਨੂੰ ਵੀ ਦੂਰ ਕੀਤਾ ਜਾ ਸਕੇਗਾ।

ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਸਕੱਤਰ, ਸਕੂਲ ਸਿੱਖਿਆ, ਕੇ.ਕੇ. ਯਾਦਵ ਨੂੰ ਬਲਾਕ ਪੱਧਰ 'ਤੇ ਮਿਡ-ਡੇਅ ਕੁੱਕ ਦੀਆਂ ਵਾਧੂ ਅਸਾਮੀਆਂ ਪੈਦਾ ਕਰਨ 'ਤੇ ਵਿਚਾਰ ਕਰਨ ਲਈ ਵੀ ਕਿਹਾ ਤਾਂ ਜੋ ਕਰਮਚਾਰੀਆਂ ਨੂੰ ਛੁੱਟੀ ਦੀ ਲੋੜ ਪੈਣ 'ਤੇ ਬਦਲਵੇਂ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਮਿਡ-ਡੇ-ਮੀਲ ਸੋਸਾਇਟੀ ਦੇ ਮੈਨੇਜਿੰਗ ਡਾਇਰੈਕਟਰ ਵਰਿੰਦਰ ਸਿੰਘ ਬਰਾੜ ਨੂੰ ਵੀ ਹਦਾਇਤ ਕੀਤੀ ਕਿ ਉਹ ਮਿਡ-ਡੇ-ਮੀਲ ਵਰਕਰਾਂ ਨੂੰ ਲੋੜੀਂਦੇ ਕੱਪੜੇ ਜਿਵੇਂ ਕਿ ਐਪਰਨ, ਟੋਪੀਆਂ ਅਤੇ ਦਸਤਾਨੇ ਜਲਦੀ ਤੋਂ ਜਲਦੀ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ।

ਮੀਟਿੰਗ ਵਿੱਚ ਮਿਡ-ਡੇ-ਮੀਲ ਕੁੱਕਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਕਰਮ-ਚੰਦ ਚਿੰਦਾਲੀਆ, ਜਨਰਲ ਸਕੱਤਰ ਮੁਮਤਾਜ਼ ਬੇਗਮ, ਮੀਤ ਪ੍ਰਧਾਨ ਰਿੰਕੀ ਨਵਾਂ ਸ਼ਹਿਰ ਵੀ ਹਾਜ਼ਰ ਸਨ।

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





SherGill Law Firm
Barrister, Solicitor & Notary Public
Paramjit Singh Gill
(MBA,LL.B.)
Tel: 905-790-3636
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



## ਐੱਨ.ਆਈ.ਏ. ਨੇ ਅੰਤਰਰਾਸ਼ਟਰੀ ਹਵਾਈ ਅੱਡਿਆਂ 'ਤੇ ਸਾਈਬਰ ਵਿੰਗ ਕੀਤੀ ਤਾਇਨਾਤ

ਨਵੀਂ ਦਿੱਲੀ, 28 ਅਕਤੂਬਰ (ਪੋਸਟ ਬਿਊਰੋ): ਨੈਸ਼ਨਲ ਇੰਵੈਸਟੀਗੇਟਿਵ ਏਜੰਸੀ (ਐੱਨਆਈਏ) ਦੋ ਹਫ਼ਤਿਆਂ ਵਿੱਚ 400 ਤੋਂ ਵੱਧ ਉਡਾਨਾਂ ਨੂੰ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਕਾਰਵਾਈ ਵਿੱਚ ਹੈ। ਸੋਮਵਾਰ ਨੂੰ ਐੱਨ.ਆਈ.ਏ. ਨੇ ਅੰਤਰਰਾਸ਼ਟਰੀ ਹਵਾਈ ਅੱਡਿਆਂ 'ਤੇ ਆਪਣੇ ਸਾਈਬਰ ਵਿੰਗ ਦੇ ਅਧਿਕਾਰੀਆਂ ਨੂੰ ਤਾਇਨਾਤ ਕੀਤਾ।

ਫਲਾਈਟ 'ਚ ਬੰਬ ਦੀ ਧਮਕੀ ਮਿਲਣ 'ਤੇ ਇਹ ਅਧਿਕਾਰੀ ਜਾਂਚ ਸ਼ੁਰੂ ਕਰੇਗਾ। ਧਮਕੀ ਦੇਣ ਵਾਲੇ ਵਿਅਕਤੀ ਦਾ ਪਤਾ ਲਗਾਉਣ ਤੋਂ ਇਲਾਵਾ, ਅਧਿਕਾਰੀ ਹਵਾਈ ਜਹਾਜ਼ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਏਗਾ। ਇਸ ਤੋਂ ਇਲਾਵਾ ਕਈ ਹਵਾਈ ਅੱਡਿਆਂ 'ਤੇ ਬੰਬ ਥਰੇਟ ਅਸੈਸਮੈਂਟ ਕਮੇਟੀ (ਬੀ.ਟੀ.ਏ.ਸੀ.) ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।

# ਪੀ.ਐੱਸ.ਪੀ.ਸੀ.ਐੱਲ. ਦਾ ਮੁੱਖ ਖ਼ਜ਼ਾਨਚੀ 50 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਅੱਜ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦਫ਼ਤਰ, ਸਬ ਡਵੀਜ਼ਨ ਸਾਊਥ, ਅੰਮ੍ਰਿਤਸਰ ਵਿਖੇ ਤਾਇਨਾਤ ਮੁੱਖ ਖਜ਼ਾਨਚੀ ਦਵਿੰ-ਦਰ ਸਿੰਘ ਨੂੰ 50,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਨਰਿੰ-ਦਰ ਕੁਮਾਰ ਵਾਸੀ ਬਜ਼ਾਰ ਗੁਜਰਾਂ, ਭਗਤਾਂ ਵਾਲਾ, ਗੇਟ ਹਕੀਮਾ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਸੀ ਕਿ ਉਸਨੇ ਸ਼ਕਤੀ ਨਗਰ, ਅੰਮ੍ਰਿਤਸਰ ਵਿਖੇ ਆਪਣੀ ਦੁਕਾਨ 'ਤੇ ਵਪਾਰਕ ਬਿਜਲੀ ਮੀਟਰ ਲਗਾਉਣ ਲਈ ਦਰਖ਼ਾਸਤ ਦਿੱਤੀ ਸੀ ਅਤੇ ਇਸ ਸਬੰਧੀ ਕਾਗਜ਼ ਤਿਆਰ ਕਰਨ ਬਦਲੇ ਮੁਲਜ਼ਮ ਨੇ 1,00,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਪੰਜਾਬ ਦੇ ਕੈਬਨਿਟ ਮੰਤਰੀਆਂ ਨੇ ਸੂਬੇ ਚੋਂ ਚੌਲਾਂ ਦੀ ਤੇਜ਼ੀ ਨਾਲ ਚੁਕਾਈ ਯਕੀਨੀ ਬਣਾਉਣ ਲਈ ਰਾਜਪਾਲ ਤੋਂ ਦਖਲ ਦੀ ਮੰਗ

### ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਪੰਜਾਬ ਦੇ ਕਿਸਾਨਾਂ ਨਾਲ ਧੱਕਾ ਕਰਨ ਦਾ ਲਾਇਆ ਦੋਸ਼



ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀਆਂ ਐਡਵੋਕੇਟ ਹਰਪਾਲ ਸਿੰਘ ਚੀਮਾ, ਹਰਜੋਤ ਸਿੰਘ ਬੈਂਸ ਅਤੇ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਇਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਇੱਕ ਮੰਗ ਪੱਤਰ ਸੌਂਪ ਕੇ ਕੇਂਦਰ ਵੱਲੋਂ ਪੰਜਾਬ ਵਿੱਚੋਂ ਚੌਲਾਂ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਂਦੇ ਜਾਣ ਨੂੰ ਯਕੀਨੀ ਬਣਾਉਣ ਲਈ ਦਖਲ ਦੇਣ ਦੀ ਅਪੀਲ ਕੀਤੀ।

ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਉਨ੍ਹਾਂ ਨੇ ਰਾਜਪਾਲ ਨੂੰ ਕੇਂਦਰ ਸਰਕਾਰ ਵੱਲੋਂ ਸ਼ੈਲਰ ਮਾਲਕਾਂ ਤੋਂ ਚੌਲਾਂ ਦੀ ਲਿਫਟਿੰਗ ਵਿੱਚ ਕੀਤੀ ਜਾ ਰਹੀ ਦੇਰੀ ਬਾਰੇ ਜਾਣੂ ਕਰਵਾਇਆ ਹੈ, ਜਿਸ ਕਾਰਨ ਅਨਾਜ ਮੰਡੀਆਂ ਵਿੱਚੋਂ ਝੋਨੇ ਦੀ ਲਿਫਟਿੰਗ ਵਿੱਚ ਦਿੱਕਤ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿੱਚ ਝੋਨੇ ਤੋਂ ਚਾਵਲ ਦੇ ਘੱਟ ਝਾੜ ਦੀ ਸਮੱਸਿਆ ਨੂੰ ਵੀ ਸਾਂਝਾ ਕੀਤਾ ਗਿਆ ਹੈ ਅਤੇ ਰਾਜਪਾਲ ਨੂੰ ਕੇਂਦਰ ਸਰਕਾਰ ਤੋਂ ਇਸ ਦਾ ਤੁਰੰਤ ਹੱਲ ਕਰਵਾਉਣ ਦੀ ਅਪੀਲ ਕੀਤੀ ਗਈ।

ਭਾਜਪਾ ਵੱਲੋਂ ਕੀਤੇ ਜਾ ਰਹੇ ਗਲਤ ਪ੍ਰਚਾਰ ਬਾਰੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 40,000 ਕਰੋੜ ਰੁਪਏ ਦੀ ਸੀ.ਸੀ.ਐਲ ਲਿਮਟ ਬਾਰੇ ਭਾਜਪਾ ਆਗੂਆਂ ਦਾ ਦਾਅਵਾ ਜ਼ਮੀਨੀ ਹਕੀਕਤ ਨੂੰ ਸਮਝਣ ਦੀ ਘਾਟ ਨੂੰ ਦਰਸਾਉਂਦਾ ਹੈ, ਕਿਉਂਕਿ ਸੀ.ਸੀ.ਐੱਲ ਲਿਮਟ ਹਰ ਸਾਲ ਝੋਨੇ-ਕਣਕ ਦੇ ਖਰੀਦ ਸੀਜ਼ਨ ਦੌਰਾਨ ਸਥਾਪਤ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੀ.ਸੀ.ਐਲ ਸੀਮਾ ਵਿੱਚ ਪਾੜਾ ਕਈ ਵਾਰ 600 ਕਰੋੜ ਰੁਪਏ ਤੋਂ 1,000 ਕਰੋੜ ਰੁਪਏ ਤੱਕ ਹੁੰਦਾ ਹੈ, ਜਿਸਦਾ ਨੁਕਸਾਨ ਪੰਜਾਬ ਸਰਕਾਰ, ਆੜ੍ਹਤੀਆਂ ਜਾਂ ਟਰਾਂਸਪੋਰਟਰਾਂ ਨੂੰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਵੀ ਲਗਭਗ 800 ਕਰੋੜ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰ ਸਰਕਾਰ ਨੂੰ ਲਿਖੇ ਪੱਤਰਾਂ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਕੇਂਦਰੀ ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੀਟਿੰਗਾਂ ਦੇ ਬਾਵਜੂਦ ਕੇਂਦਰ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਨਾਲ ਬਦਲੇ ਦੀ ਭਾਵਨਾ ਨਾਲ ਪ੍ਰੇਰਿਤ ਹੁੰਦਿਆਂ ਸੂਬੇ ਵਿੱਚੋਂ ਚੌਲਾਂ ਦੀ ਲਿਫਟਿੰਗ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਮੰਤਰੀ ਜੇ.ਪੀ.ਨੱਡਾ ਨਾਲ ਵੀ ਮੁਲਾਕਾਤ ਕਰਕੇ ਸੂਬੇ ਵਿੱਚ ਡੀਏਪੀ ਦੀ ਘਾਟ ਨੂੰ ਹੱਲ ਕਰਨ ਦੀ ਅਪੀਲ ਕੀਤੀ ਹੈ।

ਕੈਬਨਿਟ ਮੰਤਰੀ ਚੀਮਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੰਨ ਕਾਲੇ ਕਾਨੂੰਨਾਂ ਦਾ ਵਿਰੋਧ ਕਰਨ ਵਾਲੇ ਪੰਜਾਬ ਦੇ ਕਿਸਾਨਾਂ ਨੂੰ ਸਜ਼ਾ ਦੇਣ ਅਤੇ ਸੂਬੇ ਦੇ ਕਿਸਾਨਾਂ, ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਕੇਂਦਰ ਸਰਕਾਰ ਨੂੰ ਯਾਦ ਦਿਵਾਇਆ ਕਿ ਪੰਜਾਬ ਦੇ ਕਿਸਾਨ ਕੇਂਦਰੀ ਪੂਲ ਵਿੱਚ 40 ਪ੍ਰਤੀਸ਼ਤ ਕਣਕ ਅਤੇ 22 ਪ੍ਰਤੀਸ਼ਤ ਚੌਲਾਂ ਦਾ ਯੋਗਦਾਨ ਪਾਉਂਦੇ ਹਨ, ਜੋ ਉਨ੍ਹਾਂ ਦੀ ਮਿਹਨਤ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਪੰਜਾਬ ਲੰਬੇ ਸਮੇਂ ਤੋਂ ਭਾਰਤ ਦਾ ਅੰਨ ਭੰਡਾਰ ਰਿਹਾ ਹੈ ਅਤੇ ਸੂਬੇ ਦੇ ਕਿਸਾਨਾਂ ਦੇ ਹੱਕਾਂ ਨੂੰ ਅੱਖੋਂ ਪਰੋਖੇ ਕਰਨਾ ਬੇਇਨਸਾਫ਼ੀ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਸਾਰੇ ਮੰਤਰੀ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਅਨਾਜ ਮੰਡੀਆਂ ਦਾ ਦੌਰਾ ਕਰ ਰਹੇ ਹਨ। ਵਿੱਤ ਮੰਤਰੀ ਚੀਮਾ ਨੇ ਆਸ ਪ੍ਰਗਟਾਈ ਕਿ ਪੰਜਾਬ ਦੇ ਰਾਜਪਾਲ ਕੇਂਦਰ ਸਰਕਾਰ ਕੋਲ ਸੂਬੇ ਦੇ ਹਿਤਾਂ ਦੀ ਜ਼ੋਰਦਾਰ ਵਕਾਲਤ ਕਰਨਗੇ।

# ਮੁੱਖ ਮੰਤਰੀ ਵੱਲੋਂ ਸੂਬੇ ਦੇ ਸ਼ਹਿਰੀ ਇਲਾਕਿਆਂ ਦੇ ਵਿਕਾਸ ਲਈ ਵੱਡੀਆਂ ਪਹਿਲਕਦਮੀਆਂ

### ਸੜਕਾਂ ਦੇ ਨਿਰਮਾਣ/ਮੁਰੰਮਤ, ਸਟਰੀਟ ਲਾਈਟਾਂ ਦੀ ਸਾਂਭ-ਸੰਭਾਲ ਅਤੇ ਹੋਰਾਂ ਕੰਮਾਂ ਲਈ ਆਰਟੀਫਿਸ਼ਲ ਇੰਟੈਲੀਜੈਂਸ ਅਤੇ ਹੋਰ ਤਕਨੀਕਾਂ ਦੀ ਕੀਤੀ ਜਾਵੇਗੀ ਵਰਤੋਂ



ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦਿੱਲੀ ਦੇ ਆਪਣੇ ਹਮਰੁਤਬਾ ਨਾਲ ਸੂਬੇ ਦੇ ਨਗਰ ਨਿਗਮ ਵਾਲੇ ਸ਼ਹਿਰਾਂ ਨੂੰ ਨਵੀਂ ਦਿੱਖ ਦੇਣ ਲਈ ਮੀਟਿੰਗ ਕੀਤੀ।

ਇਹ ਮੀਟਿੰਗ ਸ਼ਹਿਰੀ ਵਿਕਾਸ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਦੇ ਦਿੱਲੀ ਸਰਕਾਰ ਨਾਲ ਗਿਆਨ ਦੇ ਅਦਾਨ-ਪਦਾਨ ਸਬੰਧੀ ਸਮਝੌਤੇ ਤਹਿਤ ਕੀਤੀ ਗਈ ਸੀ ਅਤੇ ਇਸ ਵਿੱਚ ਸੂਬੇ ਦੇ ਸਾਰੇ ਨਗਰ ਨਿਗਮਾਂ ਦੇ ਕਮਿਸ਼ਨਰ ਵੀ ਸ਼ਾਮਲ ਹੋਏ।

ਹੋਰ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮੀਟਿੰਗ ਦਾ ਮੰਤਵ ਸੂਬੇ ਦੇ ਮਿਉਂਸਪਲ ਸ਼ਹਿਰਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੁਲਾਰਾ ਦੇਣਾ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਦਾ ਮਕਸਦ ਇਹ ਵੀ ਯਕੀਨੀ ਬਣਾਉਣਾ ਹੈ ਕਿ ਸ਼ਹਿਰ ਵਾਸੀਆਂ ਨੂੰ ਦਿੱਲੀ ਦੀ ਤਰਜ਼ 'ਤੇ ਅਤਿ ਆਧੁਨਿਕ ਨਾਗਰਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਦਿਸ਼ਾ ਵਿੱਚ ਪਹਿਲਾਂ ਹੀ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਦੀ 'ਆਪ' ਸਰਕਾਰ ਨੇ ਸ਼ਹਿਰਾਂ ਦੇ ਵਿਆ-ਪਕ ਵਿਕਾਸ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਨਵੇਂ ਦਿਸਹੱਦੇ ਕਾਇਮ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸੇ ਤਰਜ਼ 'ਤੇ ਸ਼ਹਿਰਾਂ ਦਾ ਸਰਬਪੱਖੀ ਵਿਕਾਸ ਕਰਵਾਉਣਾ ਚਾਹੁੰਦੀ ਹੈ, ਜਿਸ ਲਈ ਦਿੱਲੀ ਸਰਕਾਰ ਦੀ ਮੁਹਾਰਤ ਦਾ ਭਰਪੂਰ ਲਾਭ ਲਿਆ ਜਾ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਾਬਿਤ ਹੋ ਚੁੱਕਾ ਹੈ ਕਿ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ ਅਗਵਾਈ ਵਾਲੀ 'ਆਪ' ਸਰਕਾਰ ਨੇ ਸ਼ਹਿਰੀ ਵਿਕਾਸ ਅਤੇ ਯੋਜਨਾਬੰਦੀ ਦੇ ਖੇਤਰ 'ਚ ਸ਼ਾਨਦਾਰ ਮੱਲ੍ਹਾਂ ਮਾਰੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹਿਰੀ ਵਿਕਾਸ ਦੇ ਸਬੰਧ ਵਿੱਚ ਦਿੱਲੀ ਮਾਡਲ ਪੂਰੇ ਦੇਸ਼ ਲਈ ਚਾਨਣ ਮੁਨਾਰਾ ਬਣ ਕੇ ਉੱਭਰਿਆ ਹੈ, ਇਸ ਲਈ ਪੰਜਾਬ ਨੂੰ ਇਸ ਦਾ ਵਿਆਪਕ ਲਾਭ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਧਿਆਨ ਸ਼ਹਿਰਾਂ ਦੀ ਸਫ਼ਾਈ, ਪੀਣ ਵਾਲੇ ਪਾਣੀ ਦੀ ਸਪਲਾਈ, ਸਟਰੀਟ ਲਾਈਟਾਂ ਦੇ ਨਾਲ-ਨਾਲ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਵੱਲ ਕੇਂਦਰਤ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਹਰੇਕ ਕਦਮ ਦਾ ਉਦੇਸ਼ ਆਮ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਅਤੇ ਉਨ੍ਹਾਂ ਨੂੰ ਅਤਿ ਆਧੁਨਿਕ ਨਾਗਰਿਕ ਸਹੂਲਤਾਂ ਪ੍ਰਦਾਨ ਕਰਕੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੜਕਾਂ ਵਿੱਚ ਪਏ ਟੋਇਆਂ, ਪੈਚ ਵਰਕ ਅਤੇ ਹੋਰ ਟੁੱਟ-ਭੱਜ ਆਦਿ ਦੀ ਪਛਾਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ) ਦੀ ਵਰਤੋਂ ਕਰਨ ਦਾ ਫੈਸਲਾ ਕੀਤਾ ਗਿਆ ਹੈ ਤਾਂ ਜੋ ਨਿਰਧਾਰਤ ਸਮੇਂ ਅੰਦਰ ਢੁਕਵੀਂ ਮੁਰੰਮਤ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰਾਂ ਦੀਆਂ ਸਾਰੀਆਂ ਸੜਕਾਂ 'ਤੇ ਬਲੈਕ ਸਪਾਟ ਦੀ ਪਛਾਣ ਕਰਨ ਅਤੇ ਲਾਈਟਾਂ ਲਗਾਉਣ ਲਈ ਏ.ਆਈ. ਦੀ ਵਰਤੋਂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਕਾਰੀਆਂ ਨੂੰ ਸਹੀ ਸਮੇਂ 'ਤੇ ਅਲਰਟ ਭੇਜਣ ਅਤੇ ਵੱਧ ਤੋਂ ਵੱਧ ਤਿੰਨ ਘੰਟਿਆਂ ਵਿੱਚ ਸਟਰੀਟ ਲਾਈਟਾਂ ਦੀ ਮੁਰੰਮਤ ਨੂੰ ਯਕੀਨੀ ਬਣਾਉਣ ਲਈ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਨ ਦਾ ਵੀ ਫੈਸਲਾ ਕੀਤਾ ਗਿਆ।

ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ

ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**






## 59 ਲੱਖ ਮੀਟਰਕ ਟਨ ਝੋਨੇ ਦੀ ਹੋਈ ਆਮਦ; 54 ਲੱਖ ਮੀਟਰਕ ਟਨ ਝੋਨੇ ਦੀ ਕੀਤੀ ਗਈ ਖਰੀਦ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਝੋਨੇ ਦੇ ਖਰੀਦ ਸੀਜ਼ਨ 2024-25 ਨੂੰ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਸਾਰੇ ਭਾਈਵਾਲਾਂ ਭਾਵ ਕਿਸਾਨਾਂ, ਆੜ੍ਹਤੀਆਂ, ਮਿੱਲਰਾਂ ਅਤੇ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਲਈ ਸੂਬੇ ਭਰ ਦੀਆਂ ਸਾਰੀਆਂ ਮੰਡੀਆਂ ਵਿੱਚ ਸਮਾਂਬੱਧ ਢੰਗ ਨਾਲ ਖਰੀਦ, ਲਿਫਟਿੰਗ ਅਤੇ ਭੁਗਤਾਨ ਨੂੰ ਯਕੀਨੀ ਬਣਾਉਣ ਲਈ ਪ੍ਰਭਾਵੀ ਕਾਰਜਵਿਧੀ ਲਾਗੂ ਕੀਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਖਰੀਦ ਦਾ ਜਾਇਜ਼ਾ ਲੈਣ ਲਈ ਸਮੂਹ ਡੀ.ਐਫ.ਐਸ.ਸੀਜ਼, ਜ਼ਿਲ੍ਹਾ ਪ੍ਰਬੰਧਕਾਂ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਕੀਤੀ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਅੱਜ ਤੱਕ ਸੂਬੇ ਭਰ ਦੀਆਂ ਮੰਡੀਆਂ ਵਿੱਚ 59,79,723.94 ਮੀਟ੍ਰਿਕ ਟਨ (ਐਮ.ਟੀ.) ਝੋਨੇ ਦੀ ਆਮਦ ਹੋਈ ਹੈ ਜਿਸ ਵਿੱਚੋਂ 54,98,389.72 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਆਪਣੇ ਖਰੀਦ ਟੀਚੇ ਨੂੰ ਪੂਰਾ ਕਰਨ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਲਿਫਟਿੰਗ ਪ੍ਰਕਿਰਿਆ ਵਿੱਚ ਵੀ ਤੇਜ਼ੀ ਆਈ ਹੈ ਅਤੇ ਹੁਣ ਤੱਕ ਕੁੱਲ 23,30,117.58 ਮੀਟਰਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ ਅਤੇ 27 ਅਕਤੂਬਰ ਨੂੰ ਇੱਕ ਦਿਨ ਵਿੱਚ ਰਿਕਾਰਡ 4.13 ਲੱਖ ਮੀਟਰਕ ਟਨ ਝੋਨੇ ਦੀ ਲਿਫਟਿੰਗ ਕੀਤੀ ਗਈ ਹੈ।

ਝੋਨੇ ਦੀਆਂ ਅਦਾਇਗੀਆਂ ਬਾਰੇ ਗੱਲ ਕਰਦਿਆਂ ਕਟਾਰੂਚੱਕ ਨੇ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ਵਿੱਚ 7640.55 ਕਰੋੜ ਰੁਪਏ ਦੀ ਰਾਸ਼ੀ ਟਰਾਂਸਫਰ ਕੀਤੀ ਜਾ ਚੁੱਕੀ ਹੈ ਤਾਂ ਜੋ ਕਿਸਾਨ ਆਪਣੇ ਘਰਾਂ ਵਿੱਚ ਦੀਵਾਲੀ ਦਾ ਤਿਉਹਾਰ ਸ਼ਾਨਦਾਰ ਢੰਗ ਨਾਲ ਮਨਾ ਸਕਣ।

ਡੀ.ਐੱਫ.ਐੱਸ.ਸੀਜ਼ ਨੂੰ ਖਰੀਦ ਅਤੇ ਲਿਫਟਿੰਗ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਸਾਰਿਆਂ ਦੇ ਸਾਂਝੇ ਯਤਨਾਂ ਨਾਲ ਮੌਜੂਦਾ ਖਰੀਦ ਸੀਜ਼ਨ ਨਿਰਵਿਘਨ ਢੰਗ ਨਾਲ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ।

## 105 ਕਿਲੋ ਹੈਰੋਇਨ ਬਰਾਮਦੀ ਮਾਮਲੇ ਦੀ ਜਾਂਚ ਦੌਰਾਨ 6 ਕਿਲੋ ਹੈਰੋਇਨ ਸਮੇਤ ਇੱਕ ਹੋਰ ਮੁਲਜ਼ਮ ਗ੍ਰਿਫ਼ਤਾਰ, ਹੁਣ ਤੱਕ ਕੁੱਲ ਬਰਾਮਦੀ 111 ਕਿਲੋ ਹੋਈ

### ਜਾਂਚ ਮੁਤਾਬਕ ਮੁਲਜ਼ਮ ਲਵਪ੍ਰੀਤ ਸਿੰਘ ਨੇ ਰਾਜਸਥਾਨ ਤੋਂ ਹਾਸਲ ਕੀਤੀ ਹੈਰੋਇਨ ਦੀ ਖੇਪ ਨੂੰ 105 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤੇ ਮੁਲਜ਼ਮ ਨੂੰ ਕਰਨਾ ਸੀ ਡਲਿਵਰ : ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ 105 ਕਿਲੋ ਹੈਰੋਇਨ ਬਰਾਮਦਗੀ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਤੁਰਕੀ ਅਧਾਰਤ ਨਸ਼ਾ ਤਸਕਰ ਨਵਪ੍ਰੀਤ ਸਿੰਘ ਉਰਫ਼ ਨਵ ਭੁੱਲਰ ਦੇ ਇੱਕ ਹੋਰ ਸਾਥੀ ਨੂੰ 6 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ, ਜਿਸ ਨਾਲ ਇਸ ਮਾਮਲੇ 'ਚ ਹੁਣ ਤੱਕ ਹੈਰੋਇਨ ਦੀ ਕੁੱਲ ਬਰਾਮਦਗੀ 111 ਕਿਲੋ ਹੋ ਗਈ ਹੈ।

ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇਥੇ ਦੱਸਿਆ ਕਿ ਫੜੇ ਗਏ ਮੁਲਜ਼ਮ ਦੀ ਪਛਾਣ ਕਪੂਰਥਲਾ ਦੇ ਪਿੰਡ ਚੱਕੋਕੀ ਦੇ ਰਹਿਣ ਵਾਲੇ ਲਵਪ੍ਰੀਤ ਸਿੰਘ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਦੇ ਕਬਜ਼ੇ 'ਚੋਂ ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲੀਸ ਟੀਮਾਂ ਨੇ ਉਸ ਦੀ ਹੁੰਡਈ ਔਰਾ ਕਾਰ (ਐਚਆਰ26ਐਫਐਫ4067) ਨੂੰ ਵੀ ਕਬਜ਼ੇ ਵਿੱਚ ਲੈ ਲਿਆ ਹੈ।

ਦੱਸਣਯੋਗ ਹੈ ਕਿ ਇਹ ਕਾਰਵਾਈ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਦੀ ਟੀਮ ਵੱਲੋਂ ਨਸ਼ਾ ਤਸਕਰ ਨਵ ਭੁੱਲਰ ਦੇ ਦੋ ਸਾਥੀਆਂ ਨੂੰ 105 ਕਿਲੋ ਹੈਰੋਇਨ, 31.93 ਕਿਲੋ ਕੈਫੀਨ ਐਨਹਾਈਡ੍ਰਸ ਅਤੇ 17 ਕਿਲੋ ਡੈਕਸਟ੍ਰੋਮੇਥੋਰਫਾਨ (ਡੀਐਮਆਰ) ਅਤੇ 6 ਹਥਿਆਰਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਨ ਤੋਂ ਇਕ ਦਿਨ ਬਾਅਦ ਸਾਹਮਣੇ ਆਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅੱਗੇ ਦੀ ਕਾਰਵਾਈ ਅਤੇ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਦੌਰਾਨ ਸੀਆਈ ਅੰਮ੍ਰਿਤਸਰ ਨੂੰ ਪਤਾ ਚੱਲਿਆ ਕਿ ਇਸ ਨੈਟਵਰਕ ਦੇ ਇੱਕ ਹੋਰ ਮੈਂਬਰ ਲਵਪ੍ਰੀਤ ਸਿੰਘ ਨੇ ਰਾਜਸਥਾਨ ਤੋਂ ਹੈਰੋਇਨ ਦੀ ਵੱਡੀ ਖੇਪ ਪ੍ਰਾਪਤ ਕੀਤੀ ਹੈ, ਜਿਸ ਨੂੰ ਉਹ ਪੰਜਾਬ ਵਿੱਚ ਸਥਿਤ ਆਪਣੇ ਸਾਥੀਆਂ ਨੂੰ ਸਪਲਾਈ ਕਰਨ ਦੀ ਯੋਜਨਾ ਬਣਾ ਰਿਹਾ ਹੈ।

ਇਹ ਜਾਣਕਾਰੀ ਮਿਲਣ ਉਪਰੰਤ ਮੁਸਤੈਦੀ ਨਾਲ ਕਾਰਵਾਈ ਕਰਦਿਆਂ ਡੀਐਸਪੀ ਸੀਆਈ ਅੰਮ੍ਰਿਤਸਰ ਬਲਬੀਰ ਸਿੰਘ ਦੀ ਅਗਵਾਈ ਵਿੱਚ ਪੁਲਿਸ ਟੀਮਾਂ ਨੇ ਜਲੰਧਰ-ਅੰਮ੍ਰਿਤਸਰ ਜੀਟੀ ਰੋਡ ਦੇ ਨਾਲ ਪੈਂਦੇ ਪਿੰਡ ਉਮਰਾਨੰਗਲ ਮੋੜ ਦੇ ਏਰੀਏ ਵਿੱਚ ਵਿਸ਼ੇਸ਼ ਨਾਕਾ ਲਾਇਆ ਅਤੇ ਮੁਲਜ਼ਮ ਲਵਪ੍ਰੀਤ ਸਿੰਘ ਨੂੰ 6 ਕਿਲੋ ਹੈਰੋਇਨ ਅਤੇ ਕਾਰ ਸਮੇਤ ਕਾਬੂ ਕਰ ਲਿਆ।




ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਲਵਪ੍ਰੀਤ ਸਿੰਘ ਨੇ ਰਾਜਸਥਾਨ ਦੇ ਜ਼ਿਲ੍ਹਾ ਹਨੂੰਮਾਨਗੜ੍ਹ ਤੋਂ ਹੈਰੋਇਨ ਦੀ ਖੇਪ ਹਾਸਲ ਕੀਤੀ ਸੀ ਅਤੇ ਇਸ ਨੂੰ ਨਸ਼ਾ ਤਸਕਰ ਨਵਜੋਤ ਸਿੰਘ, ਜਿਸਨੂੰ 105 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ, ਤੱਕ ਪਹੁੰਚਾਉਣ ਜਾ ਰਿਹਾ ਸੀ।

ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜ਼ਮ ਤੋਂ ਸਪਲਾਈ ਚੇਨ ਅਤੇ ਨਸ਼ਾ ਤਸਕਰੀ ਦੇ ਨੈੱਟਵਰਕ ਨਾਲ ਸਬੰਧਾਂ ਬਾਰੇ ਹੋਰ ਜਾਣਕਾਰੀ ਹਾਸਲ ਕਰਨ ਲਈ ਅੱਗੇ ਦੀ ਪੁੱਛਗਿੱਛ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ ਥਾਣਾ ਐਸ.ਐਸ.ਓ.ਸੀ ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਐਫ.ਆਈ.ਆਰ ਨੰਬਰ 63 ਮਿਤੀ 27.10.2024 ਦਰਜ ਕੀਤੀ ਗਈ ਹੈ।

## ਸੌਂਦ ਵੱਲੋਂ ਕਿਰਤੀ ਕਾਮਿਆਂ ਦੀਆਂ ਭਲਾਈ ਸਕੀਮਾਂ ਦੇ ਲੰਬਿਤ ਕੇਸਾਂ ਦਾ ਨਿਪਟਾਰਾ 30 ਨਵੰਬਰ ਤੱਕ ਕਰਨ ਦੇ ਹੁਕਮ

ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਰਤੀ ਕਾਮਿਆਂ ਦੇ ਰਜਿਸਟ੍ਰੇਸ਼ਨ/ਨਵੀਨੀਕਰਨ/ਪ੍ਰਵਾਨਗੀ ਸਬੰਧੀ ਲੰਬਿਤ ਪਏ ਕੇਸਾਂ ਦਾ ਨਿਪਟਾਰਾ ਪਹਿਲ ਦੇ ਆਧਾਰ ਉੱਤੇ ਕੀਤਾ ਜਾਵੇ।

ਮੋਹਾਲੀ ਦੇ ਕਿਰਤ ਭਵਨ ਵਿਖੇ ਪੰਜਾਬ ਲੇਬਰ ਵੈਲਫੇਅਰ ਬੋਰਡ ਅਤੇ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੇ ਅਧਿਕਾਰੀਆਂ ਨਾਲ ਵਿਭਾਗ ਦੀ ਸਮੀਖਿਆ ਮੀਟਿੰਗ ਕਰਦੇ ਹੋਏ ਸੌਂਦ ਨੇ ਆਦੇਸ਼ ਕੀਤੇ ਕਿ ਕਿਰਤ ਵਿਭਾਗ ਦੇ ਅਧਿਕਾਰੀਆਂ ਕੋਲ ਜੋ ਵੀ ਭਲਾਈ ਸਕੀਮਾਂ 31 ਅਕਤੂਬਰ, 2024 ਤੱਕ ਲੰਬਿਤ ਹੋਣਗੀਆਂ, ਉਨ੍ਹਾਂ ਦਾ 30 ਨਵੰਬਰ, 2024 ਤੱਕ ਨਿਪਟਾਰਾ ਕੀਤਾ ਜਾਵੇ।

ਕਿਰਤ ਮੰਤਰੀ ਨੇ ਇਹ ਵੀ ਆਦੇਸ਼ ਦਿੱਤੇ ਕਿ ਵੱਖ-ਵੱਖ ਸ਼ਹਿਰਾਂ ਵਿਚ ਜੋ ਲੇਬਰ ਚੌਂਕ ਬਣੇ ਹੋਏ ਹਨ, ਉਥੇ ਵਿਭਾਗ ਦੀਆਂ ਭਲਾਈ ਸਕੀਮਾਂ ਦੇ ਫਲੈਕਸ ਬੋਰਡ ਸਰਲ ਭਾਸ਼ਾ ਵਿਚ ਲਾਏ ਜਾਣ।

ਕਿਰਤ ਮੰਤਰੀ ਨੇ ਕਿਹਾ ਕਿ ਵਿਭਾਗ ਦੇ ਕਰਮਚਾਰੀ/ਅਧਿਕਾਰੀ 18 ਨਵੰਬਰ ਤੋਂ ਲੈ ਕੇ 22 ਨਵੰਬਰ, 2024 ਤੱਕ ਹਰ ਰੋਜ਼ ਸਵੇਰੇ 7 ਵਜੇ ਤੋਂ ਸਵੇਰੇ 10 ਵਜੇ ਤੱਕ ਲੇਬਰ ਚੌਕਾਂ 'ਤੇ ਕੈਂਪ ਲਗਵਾਉਣਗੇ ਤੇ ਇਨ੍ਹਾਂ ਕੈਂਪਾਂ ਵਿਚ ਕਿਰਤੀਆਂ ਦੀ ਰਜਿਸਟ੍ਰੇਸ਼ਨ/ਨਵੀਨੀਕਰਨ, ਨਵੀਆਂ ਭਲਾਈ ਸਕੀਮਾਂ, ਪਹਿਲਾਂ ਤੋ ਅਪਲਾਈ ਕੀਤੀ ਗਈ ਭਲਾਈ ਸਕੀਮ ਤੇ ਲਗਾਏ ਇਤਰਾਜ਼ਾਂ ਨੂੰ ਦੂਰ ਕਰਨ ਸਬੰਧੀ ਕਿਰਤੀਆਂ ਦੀ ਸਹਾਇਤਾ ਕਰਨਗੇ ਤਾਂ ਜੋ ਉਸਾਰੀ ਕਿਰਤੀ ਬੋਰਡ ਦੀਆਂ ਸਕੀਮਾਂ ਦਾ ਲਾਭ ਪ੍ਰਾਪਤ ਕਰਨ ਸਕਣ।



ਕਿਰਤ ਮੰਤਰੀ ਨੇ ਇਹ ਵੀ ਆਦੇਸ਼ ਦਿੱਤੇ ਕਿ ਕਿਰਤ ਵਿਭਾਗ ਦੇ ਵੱਖ-ਵੱਖ ਸ਼ੋਸ਼ਲ ਮੀਡੀਆ ਪਲੇਟਫਾਰਮਾਂ ਜਿਵੇਂ ਕਿ ਵਟਸਐਪ, ਇੰਸਟਾਗ੍ਰਾਮ, ਫੇਸਬੁੱਕ ਅਤੇ ਯੂ-ਟਿਊਬ 'ਤੇ ਅਕਾਊਂਟ ਬਣਾਏ ਜਾਣ ਤਾਂ ਜੋ ਸ਼ੋਸ਼ਲ ਮੀਡੀਆ ਉੱਤੇ ਵਿਭਾਗ ਦੀਆਂ ਗਤੀਵਿਧੀਆਂ ਅਤੇ ਸਰਗਰਮੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾ ਸਕੇ।

ਕਿਰਤ ਮੰਤਰੀ ਨੇ ਕਿਹਾ ਕਿ ਸਬੰਧਤ ਕਿਰਤ ਅਧਿਕਾਰੀ ਦੇ ਦਫਤਰ ਵਿਚ ਤਕਨੀਕੀ ਸਹਾਇਤਾ ਉੱਤੇ ਅਧਾਰਿਤ ਹੈਲਪ ਡੈਸਕ ਬਣਾਇਆ ਜਾਵੇ ਅਤੇ ਹਰ ਰੋਜ਼ ਸਵੇਰੇ 9 ਤੋਂ 12 ਵਜੇ ਤੱਕ ਕਿਰਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਇੰਸਪੈਕਟਰ/ਸਬੰਧਤ ਅਫਸਰ ਨਾਲ ਮਿਲ ਕੇ ਹੱਲ ਕਰਵਾਇਗਾ। ਕਿਰਤ ਮੰਤਰੀ ਨੇ ਕਿਹਾ ਕਿ ਉਸਾਰੀ ਕਿਰਤੀਆਂ ਤੋਂ ਲਏ ਜਾਣ ਵਾਲੇ ਫਾਰਮ ਨੰਬਰ 27 ਨੂੰ ਸਰਲ ਕੀਤਾ ਜਾਵੇ।

ਕਿਰਤ ਮੰਤਰੀ ਵੱਲੋਂ ਇਹ ਵੀ ਆਦੇਸ਼ ਦਿੱਤੇ ਗਏ ਕਿ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਅਧੀਨ ਜੋ ਲਾਭਪਾਤਰੀ ਕੰਪਿਊਟਰ ਦੀ ਜਾਣਕਾਰੀ ਨਹੀਂ ਰੱਖਦੇ, ਉਨ੍ਹਾਂ ਨਾਲ ਰਾਬਤਾ ਕਰ ਕੇ ਉਨ੍ਹਾਂ ਦੀ ਰਜਿਸਟ੍ਰੇਸ਼ਨ/ਨਵੀਨੀਕਰਨ ਕਰਨ ਸਬੰਧੀ ਉਪਰਾਲੇ ਕੀਤੇ ਜਾਣ।

ਮੀਟਿੰਗ ਵਿਚ ਕਿਰਤ ਮੰਤਰੀ ਵੱਲੋਂ ਵੱਖ-ਵੱਖ ਕਿਰਤ ਕਾਨੂੰਨਾਂ ਤਹਿਤ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵੀ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾਂ ਕੀਤਾ ਗਿਆ।

ਮੀਟਿੰਗ ਵਿੱਚ ਰਾਜੀਵ ਕੁਮਾਰ ਗੁਪਤਾ, ਕਿਰਤ ਕਮਿਸ਼ਨਰ-ਕਮ-ਡਾਇਰੈਕਟਰ ਆਫ਼ ਫੈਕਟਰੀਜ਼, ਮੋਨਾ ਪੁਰੀ, ਵਧੀਕ ਕਿਰਤ ਕਮਿਸ਼ਨਰ, ਨਰਿੰਦਰ ਸਿੰਘ, ਜੁਆਇੰਟ ਡਾਇਰੈਕਟਰ ਆਫ ਫੈਕਟਰੀਜ਼, ਜਤਿੰਦਰ ਪਾਲ ਸਿੰਘ, ਡਿਪਟੀ ਕਿਰਤ ਕਮਿਸ਼ਨਰ, ਗੋਰਵ ਪੁਰੀ, ਸਹਾਇਕ ਵੈਲਫੇਅਰ ਕਮਿਸ਼ਨਰ, ਜਸ਼ਨਦੀਪ ਸਿੰਘ ਕੰਗ, ਡਿਪਟੀ ਸਕੱਤਰ, ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਭਾਗ ਲਿਆ ਗਿਆ।

ਇਸ ਤੋਂ ਇਲਾਵਾ ਮੀਟਿੰਗ ਵਿੱਚ ਵਿਭਾਗ ਦੇ ਸਾਰੇ ਡਿਪਟੀ ਡਾਇਰੈਟਕਰ ਆਫ਼ ਫੈਕਟਰੀਜ਼, ਸਹਾਇਕ ਕਿਰਤ ਕਮਿਸ਼ਨਰ/ ਕਿਰਤ ਤੇ ਸੁਲਾਹ ਅਫ਼ਸਰ ਵੀ ਹਾਜ਼ਰ ਸਨ।






# ਪੀ.ਐੱਸ.ਬੀ.ਸੀਨੀਅਰਜ਼ ਕਲੱਬ ਨੇ ਲਗਾਇਆ ਰੌਕਵੁੱਡ ਕੰਜ਼ਰਵੇਸ਼ਨ ਪਾਰਕ ਦਾ ਟੂਰ

## ਪੱਤਝੜ ਦੇ ਮੌਸਮ ’ਚ ਕੁਦਰਤੀ ਰੰਗ ਵਟਾਉਂਦੀ ਬਨਸਪਤੀ ਦੇ ਮਾਣੇ ਨਜ਼ਾਰੇ



ਬਰੈਂਪਟਨ, (ਡਾ. ਝੰਡ) - ਪੰਜਾਬ ਐਂਡ ਸਿੰਧ ਬੈਂਕ ਦੇ ਸੇਵਾ-ਮੁਕਤ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਵੱਕਾਰੀ ਸੰਸਥਾ ਪੀ.ਐੱਸ.ਬੀ. ਸੀਨੀਅਰਜ਼ ਕਲੱਬ ਵੱਲੋਂ ਆਪਣੇ ਮੈਂਬਰਾਂ ਲਈ ਲੰਘੇ ਸ਼ਨੀਵਾਰ ਗੁਅੱਲਫ਼ ਵਿਖੇ ਰੌਕਵੁੱਡ ਕੰਜ਼ਰਵੇਸ਼ਨ ਪਾਰਕ ਦਾ ਸ਼ਾਨਦਾਰ ਟੂਰ ਆਯੋਜਿਤ ਕੀਤਾ ਗਿਆ। ਓਨਟਾਰੀਓ ਖਾਲਸਾ ਦਰਬਾਰ ਡਿਕਸੀ ਦੀ ਪਾਰਕਿੰਗ ਤੋਂ ਬੱਸ ਅਤੇ ਕਾਰਾਂ ਵਿੱਚ ਸਵਾਰ ਹੋ ਕੇ ਕਲੱਬ ਮੈਂਬਰਾਂ ਦਾ ਕਾਫ਼ਲਾ ਸਵੇਰੇ 10.00 ਵਜੇ ਗੁਅੱਲਫ਼ ਦੇ ਰੌਕਵੁੱਡ ਕੰਜ਼ਰਵੇਸ਼ਨ ਪਾਰਕ ਵਿਖੇ ਪੁੱਜਾ। ਮੌਸਮ ਸਾਜ਼ਗਾਰ ਨਾ ਹੋਣ ਦੇ ਬਾਵਜੂਦ ਮੈਂਬਰਾਂ ਵਿਚ ਇਸ ਟੂਰ ਲਈ ਭਾਰੀ ਉਤਸ਼ਾਹ ਸੀ। ਪਿਕਨਿਕ ਏਰੀਏ ਵਿੱਚ ਪਹੁੰਚਦੇ ਹੀ ਪ੍ਰਬੰਧਕਾਂ ਵੱਲੋਂ ਗਰਮ ਚਾਹ, ਕਾਫ਼ੀ, ਪੈਟੀਜ਼ ਤੇ ਹੋਰ ਤਰ੍ਹਾਂ-ਤਰ੍ਹਾਂ ਦੇ ਸਨੈਕਸ ਨਾਲ ਮੈਂਬਰਾਂ ਦਾ ਬਰੇਕਫ਼ਾਸਟ ਕਰਵਾਇਆ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਕਲੱਬ ਦੇ ਸਰਪ੍ਰਸਤ ਗੁਰਚਰਨ ਸਿੰਘ ਖੱਖ ਨੇ ਮੈਂਬਰਾਂ ਨੂੰ ਜੀ-ਆਇਆਂ ਆਖਦਿਆਂ ਉਨ੍ਹਾਂ ਦਾ ਸੁਆਗ਼ਤ ਕੀਤਾ। ਮੌਸਮ ਦੀ ਅਨਿਸਚਤਾ ਨੂੰ ਭਾਂਪਦਿਆਂ ਉਨ੍ਹਾਂ ਸ਼੍ਰੀਮਤੀ ਜਸਾਨੀ ਨੂੰ ਕਰਚਰਲ ਪ੍ਰੋਗਰਾਮ ਆਰੰਭ ਕਰਨ ਕਰਨ ਲਈ ਸੱਦਾ ਦਿੱਤਾ ਜਿਨ੍ਹਾਂ ਤੋਂ ਬਾਅਦ ਜੋਗਿੰਦਰ ਕੌਰ ਮਰਵਾਹਾ ਨੇ ਸਮੂਹਿਕ ਰੂਪ ਵਿਚ ਇੱਕ ਗੁਰਬਾਣੀ ਸ਼ਬਦ ਦਾ ਗਾਇਨ ਕੀਤਾ। ਉਪਰੰਤ, ਮਰਵਾਹਾ ਜੋੜੀ ਵੱਲੋਂ ਭੰਗੜੇ ਤੇ ਗਿੱਧੇ ਦਾ ਦੌਰ ਸ਼ੁਰੂ ਹੋ ਗਿਆ। ਭੰਗੜੇ ਦੇ ਮਿਊਜ਼ਿਕ ਦੀ ਤਾਲ ‘ਤੇ ਥਿਰਕਦਿਆਂ ਮੈਂਬਰਾਂ ਨੇ ਠੰਢ ਤੋਂ ਨਿਜਾਤ ਪਾਈ ਅਤੇ ਅਗਲੇ ਪ੍ਰੋਗਰਾਮਲਈ ਨਾਰਮਲ ਜਿਹੇ ਹੋ ਗਏ।

ਨਿਰਧਾਰਤ ਪ੍ਰੋਗਰਾਮ ਅਨੁਸਾਰ ਸਾਰੇ ਮੈਂਬਰ ਛੋਟੇ-ਛੋਟੇ ਗਰੁੱਪਾਂ ਵਿਚ ਪਾਰਕ ਦੀ ਸੈਰ ਲਈ ਨਿਕਲ ਪਏ। ਕੁਝ ਚਿਰ ਬਾਅਦ ਜਦ ਸੂਰਜ ਦੇਵਤਾ ਨੇ ਦਰਸ਼ਨ ਦਿੱਤੇ ਤਾਂ ਮੌਸਮ ਹੋਰ ਵੀ ਖ਼ੁਸ਼ਗਵਾਰ ਹੋ ਗਿਆ। ਸਾਰਿਆਂ ਨੇ ਝੀਲ ਦੇ ਕੰਢੇ ਨਿੱਘੀ ਧੁੱਪ ਦਾ ਲੁਤਫ਼ ਉਠਾਇਆ। ਕੁਦਰਤੀ ਨਜ਼ਾਰਿਆਂ ਨੂੰ ਮਾਣਦੇ ਹੋਏ ਅਤੇ ਪੱਤਝੜ ਦੇ ਇਸ ਮੌਸਮ ਵਿੱਚ ਰੁੱਖਾਂ ਦੇ ਪੱਤਿਆਂ ਤੇ ਹੋਰ ਬਨਸਪਤੀ ਨੂੰ ਰੰਗ ਵਟਾਉਂਦਿਆਂ ਤੱਕ ਕੇ ਸਾਰੇ ਮੈਂਬਰ ਖ਼ੁਸ਼ੀ ‘ਚ ਖ਼ੀਵੇ ਹੋ ਰਹੇ ਸਨ। ਇਨ੍ਹਾਂ ਹੁਸੀਨ ਪਲਾਂ ਨੂੰ ਆਪਣੇ ਸੈੱਲਫ਼ੋਨਾਂ ਦੇ ਕੈਮਰਿਆਂ ਵਿਚ ਕੈਦ ਕਰਦੇ ਹੋਏ ਉਹ ਅੱਗੇ ਵੱਧਰਹੇ ਸਨ ਕਿ ਅਚਾਨਕ ਕਿਣ-ਮਿਣ ਸ਼ੁਰੂ ਹੋ ਗਈ। ਮੀਂਹ ਵਿੱਚ ਭਿੱਜਣ ਦੇ ਡਰੋਂ ਸਾਰੇ ਤੇਜ਼ ਕਦਮੀਂ ਪਿਕਨਿਕ ਸ਼ੈੱਡ ਵੱਲ ਹੋ ਤੁਰੇ। ਦੁਪਹਿਰ ਦੇ ਇੱਕ ਵਜੇ ਦੇ ਕਰੀਬ ਮੈਂਬਰਾਂ ਨੂੰ ਗਰਮ-ਗਰਮ ਪੀਜ਼ੇ ਅਤੇ ਕੋਲਡ ਡਰਿੰਕਸ ਦਾ ਲੰਚ ਕਰਵਾਇਆਗਿਆ ਜਿਸ ਦਾ ਸਾਰਿਆਂ ਨੇ ਖ਼ੂਬ ਅਨੰਦ ਮਾਣਿਆਂ।

ਖਾਣੇ ਤੋਂ ਬਾਅਦ ਮਨੋਰੰਜਨ ਦਾ ਦੂਸਰਾ ਦੌਰ ਆਰੰਭ ਹੋ ਗਿਆ। ਕਲੱਬ ਦੇ ਸੀਨੀਅਰ ਮੈਂਬਰ ਸੁਖਦੇਵ ਸਿੰਘ ਬੇਦੀ ਹਿੰਦੀ ਫ਼ਿਲਮਾਂ ਦੇ ਗਾਣਿਆਂ ਦੀਆਂ ਖ਼ੂਬਸੂਰਤ ਧੁਨਾਂ ਨੂੰ ਆਪਣੀ ਸੁਰੀਲੀ ਆਵਾਜ਼ ਵਿਚ ਗਾ ਕੇ ਸਾਰਿਆਂ ਦਾ ਖ਼ੂਬ ਮਨੋਰੰਜਨ ਕੀਤਾ। ਮਰਵਾਹਾ ਜੋੜੀ ਨੇ ਪੰਜਾਬੀ ਗੀਤਾਂ ਤੇ ਦੋਗਾਣਿਆਂ ਨਾਲ ਖ਼ੂਬ ਰੰਗ ਬੰਨ੍ਹਿਆਂ। ਦਲਬੀਰ ਸਿੰਘ ਕਾਲੜਾ ਨੇ ਹਿੰਦੀ ਫ਼ਿਲਮੀ ਗੀਤ ਗਏ।ਤਰਲੋਕ ਸਿੰਘ ਸੋਢੀ ਨੇ ਇੱਕ ਗ਼ਜ਼ਲ ਗਾਈ ਅਤੇ ਤੇਜਿੰਦਰ ਸਿੰਘ ਵੱਲੋਂਗੁਰੂ ਰਾਮਦਾਸ ਜੀ ਦੇ ਜੀਵਨ ਨਾਲ ਸਬੰਧਿਤ ਕਵਿਤਾ ਪੇਸ਼ ਕੀਤੀ ਗਈ। ਕਲੱਬ ਦੇ ਬਾਨੀ ਮੈਂਬਰ ਮਲੂਕ ਸਿੰਘ ਕਾਹਲੋਂ ਦੀ ਬਹੁ-ਪੱਖੀ ਸ਼ਖ਼ਸੀਅਤ ਦਾ ਉਲੇਖ ਕਰਦਾ ਸ਼ਬਦ-ਚਿੱਤਰ ਕਾਵਿ-ਰੂਪ ਵਿਚ ਸਤਪਾਲ ਸਿੰਘ ਕੋਮਲ ਵੱਲੋਂ ਪੇਸ਼ ਕਰਨ ਤੋਂ ਬਾਅਦ ਗੁਰਚਰਨ ਸਿੰਘ ਖੱਖ ਨੇ ਬੜੇ ਭਾਵਪੂਰਤ ਸ਼ਬਦਾਂ ਵਿੱਚ ਇਸ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਦਾ ਇਕ-ਇੱਕ ਸ਼ਬਦ ਮਲੂਕ ਸਿੰਘ ਕਾਹਲੋਂ ਦੀ ਸ਼ਖ਼ਸੀਅਤ ‘ਤੇ ਪੂਰਾ ਢੁੱਕਦਾ ਹੈ। ਉਨ੍ਹਾਂ ਕਾਹਲੋਂ ਸਾਹਿਬ ਦੀ ਸ਼ੀਘਰ ਤੰਦਰੁਸਤੀ ਦੀ ਕਾਮਨਾ ਕੀਤੀ।





ਪ੍ਰੋਗਰਾਮ ਦੇ ਅੰਤ ਵਿਚ ਕਲੱਬ ਦੇ ਅਹੁਦੇਦਾਰਾਂ ਗੁਰਚਰਨ ਸਿੰਘ ਖੱਖ, ਹਰਚਰਨ ਸਿੰਘ, ਗਿਆਨ ਪਾਲ, ਮਨਜੀਤ ਸਿੰਘ, ਰਾਮ ਸਿੰਘ, ਦਲਬੀਰ ਸਿੰਘ ਕਾਲੜਾ, ਬਰਜਿੰਦਰ ਸਿੰਘ ਮਰਵਾਹਾ, ਸੁਖਦੇਵ ਸਿੰਘ ਬੇਦੀ ਵੱਲੋਂ ਸਾਰੇ ਪ੍ਰੋਗਰਾਮ ਦੀ ਫ਼ੋਟੋਗ੍ਰਾਫ਼ੀ ਲਈ ਪਰਵਿੰਦਰ ਸਿੰਘ ਅਨੰਦ ਅਤੇ ਬਰੇਕਫ਼ਾਸਟ ਦੇ ਸ਼ਾਨਦਾਰ ਪ੍ਰਬੰਧ ਲਈ ਬਰਜਿੰਦਰ ਸਿੰਘ ਮਰਵਾਹਾ ਦਾ ਧੰਨਵਾਦ ਕੀਤਾ ਗਿਆ। ਕਲੱਬ ਦੀ ਸਮੁੱਚੀ ਟੀਮ ਵੱਲੋਂ ਇਸ ਟੂਰ ਨੂੰ ਸਫ਼ਲ ਬਨਾਉਣ ਲਈ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ ਅਤੇ 8 ਦਸੰਬਰ ਨੂੰ ਫਿਰ ਮਿਲਣ ਦਾ ਵਾਅਦਾ ਕਰਨ ਉਪਰੰਤ ਸਾਰਿਆਂ ਨੂੰ ਘਰ-ਵਾਪਸੀ ਲਈ ਰਵਾਨਾ ਕੀਤਾ ਗਿਆ।

# ਹਰਜਿੰਦਰ ਸਿੰਘ ਧਾਮੀ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ



ਚੰਡੀਗੜ੍ਹ, 28 ਅਕਤੂਬਰ (ਪੋਸਟ ਬਿਊਰੋ): ਅੱਜ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਜਨਰਲ ਇਜਲਾਸ ਤੇਜਾ ਸਿੰਘ ਸਮੁੰਦਰੀ ਹਾਲ ’ਚ ਹੋਇਆ। ਇਸ ਸਾਲਾਨਾ ਜਰਨਲ ਇਜਲਾਸ ’ਚ ਹਰਜਿੰਦਰ ਸਿੰਘ ਧਾਮੀ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਥ ਵਿਰੋਧੀ ਸ਼ਕਤੀਆਂ ਦੇ ਸਹਾਰੇ ਚੱਲਣ ਵਾਲੀ ਵਿਰੋਧੀ ਧਿਰ ਦੀ ਹਾਰ ਹੋਈ ਹੈ।

ਇਸਦੇ ਨਾਲ ਹੀ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਚੁਣੇ ਗਏ ਹਨ। ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਚੁਣੇ ਗਏ ਹਨ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ ਚੁਣੇ ਗਏ ਹਨ ਤੇ 11 ਅੰਤ੍ਰਿੰਗ ਕਮੇਟੀ ਮੈਂਬਰਾਂ ਦੀ ਵੀ ਚੋਣ ਹੋਈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ’ਚ ਹਰਜਿੰਦਰ ਸਿੰਘ ਧਾਮੀ ਨੂੰ ਇਕਤਰਫਾ ਜਿੱਤ ਹੋਈ ਹੈ , ਉਨ੍ਹਾਂ ਨੂੰ 107 ਵੋਟਾਂ ਮਿਲੀਆਂ। ਜਦੋਂਕਿ ਬਾਗੀ ਧੜੇ ਦੀ ਉਮੀਦਵਾਰ ਬੀਬੀ ਜਗੀਰ ਕੌਰ ਨੂੰ ਸਿਰਫ਼ 33 ਵੋਟਾਂ ਮਿਲੀਆਂ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਜਾਣ ਤੋਂ ਬਾਅਦ ਹਰਜਿੰਦਰ ਸਿੰਘ ਧਾਮੀ ਨੇ ਆਰ.ਐੱਸ.ਐੱਸ., ਭਾਜਪਾ ਅਤੇ ਕਾਂਗਰਸ ’ਤੇ ਸਿੱਖ ਮਾਮਲਿਆਂ ‘ਚ ਦਖਲ ਦੇਣ ਦਾ ਦੋਸ਼ ਲਗਾਇਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੀ ਇਸ ’ਚ ਪਿੱਛੇ ਨਹੀਂ ਹੈ ਅਤੇ ਸਿੱਖਾਂ ਦੇ ਮਸਲਿਆਂ ਨੂੰ ਉਲਝਾਇਆ ਜਾ ਰਿਹਾ ਹੈ।

ਚਰਚਾ ਹੁੰਦੀ ਹੈ ਕਿ ਸ਼੍ਰੋਮਣੀ ਕਮੇਟੀ ’ਤੇ ਬਾਦਲ ਪਰਿਵਾਰ ਦਾ ਪ੍ਰਭਾਵ ਰਿਹਾ ਹੈ . ਪੰਜਾਬ ਦੀਆਂ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸੁਖਬੀਰ ਸਿੰਘ ਬਾਦਲ ਨੂੰ ਤਨਖ਼ਾਹੀਆ ਕਰਾਰ ਦਿੱਤਾ ਹੈ। ਇਸ ਵਾਰ ਮੰਨਿਆ ਜਾ ਰਿਹਾ ਸੀ ਕਿ ਅਕਾਲੀ ਦਲ ’ਚ ਫੁੱਟ ਦਾ ਅਸਰ ਸ਼੍ਰੋਮਣੀ ਕਮੇਟੀ ਚੋਣਾਂ ’ਤੇ ਪਵੇਗਾ। ਹਾਲਾਂਕਿ, ਅਜਿਹਾ ਨਹੀਂ ਹੋਇਆਅਤੇ ਬਾਗੀ ਧੜੇ ਦੀ ਬੀਬੀ ਜਗੀਰ ਕੌਰ ਨੂੰ 2022 ਤੋਂ ਘੱਟ ਵੋਟਾਂ ਮਿਲੀਆਂ ਹਨ।

# ਵਡੋਦਰਾ ’ਚ ਸਪੇਨ ਦੇ ਪ੍ਰਧਾਨ ਮੰਤਰੀ ਨਾਲ ਨਰਿੰਦਰ ਮੋਦੀ ਦਾ ਰੋਡ ਸ਼ੋਅ, ਏਅਰਕ੍ਰਾਫਟ ਪਲਾਂਟ ਦਾ ਉਦਘਾਟਨ

## ਸਪੇਨ ਦੀ ਮਦਦ ਨਾਲ ਸੀ-295 ਭਾਰਤ 'ਚ ਬਣੇਗਾ



ਨਵੀਂ ਦਿੱਲੀ, 28 ਅਕਤੂਬਰ (ਪੋਸਟ ਬਿਊਰੋ): ਸਪੇਨ ਦੇ ਪ੍ਰਧਾਨ ਮੰਤਰੀ ਪੇਡਰੋ ਸਾਂਚੇਜ਼ ਐਤਵਾਰ ਰਾਤ ਭਾਰਤ ਪਹੁੰਚ ਗਏ ਹਨ। ਸੋਮਵਾਰ ਨੂੰ ਉਨ੍ਹਾਂ ਨੇ ਪੀਐਮ ਮੋਦੀ ਨਾਲ ਵਡੋਦਰਾ ਏਅਰਪੋਰਟ ਤੋਂ ਟਾਟਾ ਪਲਾਂਟ ਤੱਕ ਕਰੀਬ 3.45 ਕਿਲੋਮੀਟਰ ਦਾ ਰੋਡ ਸ਼ੋਅ ਕੀਤਾ। ਇਸ ਤੋਂ ਬਾਅਦ ਦੋਨਾਂ ਨੇਤਾਵਾਂ ਨੇ ਸੀ-295 ਜਹਾਜ਼ਾਂ ਦੇ ਨਿਰਮਾਣ ਲਈ ਟਾਟਾ ਏਅਰਬੱਸ ਦੀ ਅਸੈਂਬਲੀ ਯੂਨਿਟ ਦਾ ਉਦਘਾਟਨ ਕੀਤਾ।

ਸੀ-295 ਪ੍ਰੋਗਰਾਮ ਤਹਿਤ ਕੁੱਲ 56 ਜਹਾਜ਼ ਹਨ, ਜਿਨ੍ਹਾਂ ਵਿੱਚੋਂ 16 ਏਅਰਬੱਸ ਦੁਆਰਾ ਸਿੱਧੇ ਸਪੇਨ ਤੋਂ ਡਿਲੀਵਰ ਕੀਤੇ ਜਾ ਰਹੇ ਹਨ। ਬਾਕੀ 40 ਭਾਰਤ ਵਿੱਚ ਬਣਾਏ ਜਾਣੇ ਹਨ। ਟਾਟਾ ਐਡਵਾਂਸਡ ਸਿਸਟਮਜ਼ ਲਿਮਟਿਡ ਭਾਰਤ ਵਿੱਚ ਇਨ੍ਹਾਂ 40 ਜਹਾਜ਼ਾਂ ਦਾ ਨਿਰਮਾਣ ਕਰੇਗੀ। ਸਪੇਨ ਨਿਰਮਾਣ, ਸਿਖਲਾਈ ਅਤੇ ਲੌਜਿਸਟਿਕਸ ਵਿੱਚ ਮਦਦ ਕਰੇਗਾ।

ਪ੍ਰਧਾਨ ਮੰਤਰੀ ਸਾਂਚੇਜ਼ ਦੀ ਇਹ ਪਹਿਲੀ ਭਾਰਤ ਯਾਤਰਾ ਹੈ। ਉਨ੍ਹਾਂ ਦੀ ਪਤਨੀ ਬੇਗੋਨਾ ਗੋਮੇਜ਼ ਵੀ ਭਾਰਤ ਆ ਚੁੱਕੇ ਹਨ। ਇਹ 18 ਸਾਲਾਂ ਬਾਅਦ ਕਿਸੇ ਵੀ ਸਪੇਨ ਦੇ ਪ੍ਰਧਾਨ ਮੰਤਰੀ ਦੀ ਭਾਰਤ ਯਾਤਰਾ ਹੈ। ਇਸ ਤੋਂ ਪਹਿਲਾਂ ਜੁਲਾਈ 2006 ਵਿੱਚ ਸਪੇਨ ਦੇ ਤਤਕਾਲੀ ਪ੍ਰਧਾਨ ਮੰਤਰੀ ਜੋਸ ਲੁਈਸ ਨੇ ਭਾਰਤ ਦਾ ਦੌਰਾ ਕੀਤਾ ਸੀ।

ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਵਡੋ-ਦਰਾ ਵਿੱਚ ਪ੍ਰਧਾਨ ਮੰਤਰੀ ਸਾਂਚੇਜ਼ ਨਾਲ ਵੀ ਮੁਲਾਕਾਤ ਕਰਨਗੇ। ਇਸ ਦੌਰਾਨ ਦੋਹਾਂ ਦੇਸ਼ਾਂ ਵਿਚਾਲੇ ਦੁਵੱਲੀ ਗੱਲਬਾਤ ਵੀ ਹੋਵੇਗੀ।

ਸਪੇਨ ਦੇ ਪ੍ਰਧਾਨ ਮੰਤਰੀ ਸਾਂਚੇਜ਼ ਵਡੋਦਰਾ ਤੋਂ ਬਾਅਦ ਮੁੰਬਈ ਦਾ ਦੌਰਾ ਕਰਨਗੇ। ਇੱਥੇ ਉਹ ਵਪਾਰ ਅਤੇ ਉਦਯੋਗ ਦੇ ਪ੍ਰਮੁੱਖ ਨੇਤਾਵਾਂ, ਥਿੰਕ ਟੈਂਕਾਂ ਅਤੇ ਫਿਲਮ ਉਦਯੋਗ ਦੇ ਲੋਕਾਂ ਨਾਲ ਗੱਲਬਾਤ ਕਰਨਗੇ। ਇਸ ਦੌਰਾਨ ਉਹ ਫਿਲਮ ਸਟੂਡੀਓ ਦਾ ਦੌਰਾ ਕਰਨਗੇ।

ਇਸ ਤੋਂ ਇਲਾਵਾ ਪੀਐੱਮ ਸਾਂਚੇਜ਼ ਸਪੇਨ-ਇੰਡੀਆ ਕੌਂਸਲ ਫਾਊਂਡੇਸ਼ਨ ਅਤੇ ਆਬਜ਼ਰਵਰ ਰਿਸਰਚ ਫਾਊਂਡੇਸ਼ਨ ਦੇ ਚੌਥੇ ਸਪੇਨ-ਇੰਡੀਆ ਫੋਰਮ ਵਿੱਚ ਸ਼ਿਰਕਤ ਕਰਨਗੇ। ਜਿੱਥੇ ਉਹ ਮੰਚ ਨੂੰ ਸੰਬੋਧਨ ਵੀ ਕਰਨਗੇ।

ਪ੍ਰਧਾਨ ਮੰਤਰੀ ਮੋਦੀ ਨੇ ਅਕਤੂਬਰ 2022 'ਚ ਸੀ-295 ਜਹਾਜ਼ਾਂ ਦੇ ਫਾਈਨਲ ਅਸੈਂਬਲੀ ਲਾਈਨ ਪਲਾਂਟ ਦੀ ਨੀਂਹ ਰੱਖੀ ਸੀ। ਇਸ ਲਈ ਭਾਰਤ ਸਰਕਾਰ ਨੇ ਸਤੰਬਰ 2021 ਵਿੱਚ ਸਪੇਨ ਦੇ ਏਅਰਬੱਸ ਡਿਫੈਂਸ ਐਂਡ ਸਪੇਸ ਨਾਲ 21,935 ਕਰੋੜ ਰੁਪਏ ਵਿੱਚ 56 ਸੀ-295 ਜਹਾਜ਼ਾਂ ਦਾ ਸੌਦਾ ਕੀਤਾ ਸੀ।

ਇਸ ਮੁਤਾਬਕ ਟਾਟਾ ਐਡਵਾਂਸ ਲਿਮਟਿਡ ਅਤੇ ਏਅਰਬੱਸ ਵਿਚਾਲੇ 56 'ਚੋਂ 40 ਜਹਾਜ਼ ਬਣਾਉਣ ਦਾ ਸਮਝੌਤਾ ਹੋਇਆ ਸੀ। ਬਾਕੀ ਬਚੇ 16 ਜਹਾਜ਼ ਸਪੇਨ ਤੋਂ ਉਡਾਣ ਲਈ ਤਿਆਰ ਹਾਲਤ ਵਿੱਚ ਭਾਰਤ ਆਉਣੇ ਹਨ। ਇਸ ਦੀ ਆਖਰੀ ਮਿਤੀ ਅਗਸਤ 2025 ਰੱਖੀ ਗਈ ਹੈ। ਇਸ ਤਹਿਤ ਸਤੰਬਰ 2023 'ਚ ਪਹਿਲਾ ਜਹਾਜ਼ ਭਾਰਤ ਆ ਚੁੱਕਾ ਹੈ।

ਉਦਘਾਟਨ ਤੋਂ ਪਹਿਲਾਂ ਪਲਾਂਟ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਾਰਤ ਵਿੱਚ ਪਹਿਲਾ ਸੀ-295 ਜਹਾਜ਼ ਸਤੰਬਰ 2026 ਤੱਕ ਤਿਆਰ ਹੋ ਜਾਵੇਗਾ। ਬਾਕੀ 39 ਜਹਾਜ਼ 2031 ਤੱਕ ਤਿਆਰ ਹੋ ਜਾਣਗੇ। ਇਨ੍ਹਾਂ ਨੂੰ ਮੇਕ ਇਨ ਇੰਡੀਆ ਪ੍ਰੋਜੈਕਟ ਤਹਿਤ ਬਣਾਇਆ ਜਾ ਰਿਹਾ ਹੈ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

PURBA APPRAISALS INC.

## WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

## Urgently Need New Listings in Brampton/Caledon

visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

### LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸ਼ਾਂਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜ਼ਿਟ, ਨਿਊਂ ਅਪਲਾਂਇਸਿਸ

### LISTED IN *BRAMPTON*
BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

### LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

### LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ, Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022